ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

ਸਾਂਝੀ ਸੋਚ
SANJHI SOCH
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2412 | 23 March, 2026 Monday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260


# ਸੈਨ ਹੋਜ਼ੇ ਗੁਰਦੁਆਰਾ ਸਾਹਿਬ 'ਚ ਹੋਲੇ ਮਹੱਲੇ ਦਾ ਤਿਓਹਾਰ ਧੂਮਧਾਮ ਨਾਲ ਮਨਾਇਆ ਗਿਆ

## 25000 ਤੋਂ ਵੱਧ ਸੰਗਤ ਨੇ ਕੀਤੀ ਸ਼ਮੂਲੀਅਤ






**ਸੈਨ ਹੋਜ਼ੇ ਸਾਂਝੀ ਸੋਚ ਬਿਊਰੋ**

ਸੈਨ ਹੋਜ਼ੇ ਗੁਰਦੁਆਰਾ ਸਾਹਿਬ 'ਚ ਹੋਲਾ ਮਹੱਲਾ ਸਵੇਰੇ ਦਸ ਵਜੇ ਤੋਂ ਸ਼ਾਮ ਪੰਜ ਵਜੇ ਤੱਕ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ 25000 ਤੋਂ ਵੱਧ ਸੰਗਤਾਂ ਨੇ ਸ਼ਿਰਕਤ ਕਰਕੇ ਆਨੰਦਪੁਰ ਸਾਹਿਬ ਦਾ ਹੋਲਾ ਮਹੱਲਾ ਯਾਦ ਕਰਾ ਦਿੱਤਾ। ਇਸ ਮੌਕੇ ਸਿੱਖਾਂ ਦੇ ਮਾਰਸ਼ਲ ਆਰਟ ਗਤਕੇ ਦੇ ਜੌਹਰ ਦਿਖਾਉਣ ਦੇ ਨਾਲ-ਨਾਲ ਘੋੜਸਵਾਰੀ, ਬਾਸਕਟਬਾਲ, ਵਾਲੀਬਾਲ ਅਤੇ ਛੋਟਿਆਂ-ਵੱਡਿਆਂ ਦੀਆਂ ਦੌੜਾਂ ਦੇ ਮੁਕਾਬਲੇ ਵੀ ਕਰਵਾਏ ਗਏ। ਕਮੇਟੀ ਵੱਲੋਂ ਬਹੁਤ ਹੀ ਵਧੀਆ ਪ੍ਰਬੰਧ ਕੀਤੇ ਗਏ ਸਨ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਭੁਪਿੰਦਰ ਸਿੰਘ ਢਿੱਲੋਂ ਨੇ ਸੰਗਤਾਂ ਦਾ ਧੰਨਵਾਦ ਕੀਤਾ। ਆਏ ਹੋਏ ਪਤਵੰਤਿਆਂ ਨੇ ਆਪੋ ਆਪਣੀਆਂ ਸਪੀਚਾਂ ਕੀਤੀਆਂ ਤੇ ਹੋਰ ਵੀ ਕਈ ਬੁਲਾਰਿਆਂ ਨੇ ਆਪੋ-ਆਪਣੇ ਵਿਚਾਰ ਸਾਂਝੇ ਕੀਤੇ। ਢਾਡੀ ਸਿੰਘਾਂ ਨੇ ਵਾਰਾਂ ਗਾਈਆਂ। ਇਸ ਮੌਕੇ ਅਲੱਗ ਅਲੱਗ ਤਰ੍ਹਾਂ ਦੇ ਲੰਗਰ ਜਿਵੇਂ ਬ੍ਰੈਡ ਪਕੌੜੇ, ਪੀਜਾ, ਆਈਸਕ੍ਰੀਮ, ਗੰਨੇ ਦੇ ਰਸ ਅਤੇ ਭੁੰਨੀਆਂ ਛੱਲੀਆਂ ਦਾ ਸੰਗਤਾਂ ਨੇ ਖੂਬ ਆਨੰਦ ਮਾਣਿਆ। ਨਿਹੰਗ ਸਿੰਘਾਂ ਵੱਲੋਂ ਸ਼ਰਦਾਈ ਤੇ ਲੰਗਰ ਲਗਾਏ ਗਏ ਸਨ। ਜਲੇਬੀਆਂ ਤੇ ਚਾਟ ਦੇ ਸਟਾਲਾਂ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸਟਾਲ ਲੱਗੇ ਹੋਏ ਸਨ। ਇਸ ਮੌਕੇ ਸਾਧ ਸੰਗਤ ਨੇ ਸ਼ਰਧਾ ਨਾਲ ਸੇਵਾ ਕੀਤੀ। ਸਿਕਿਉਰਟੀ ਦਾ ਬਹੁਤ ਵਧੀਆ ਪ੍ਰਬੰਧ ਕੀਤਾ ਗਿਆ ਸੀ। ਪਾਰਕਿੰਗ ਵਾਸਤੇ ਵੀ ਸਕੂਲ ਵਿੱਚ ਬਹੁਤ ਵਧੀਆ ਪ੍ਰਬੰਧ ਕੀਤਾ ਗਿਆ ਸੀ। ਸਕੂਲ ਤੋਂ ਸ਼ਟਲ ਰਾਹੀਂ ਸੰਗਤਾਂ ਨੂੰ ਲਿਆਂਦਾ ਜਾ ਰਿਹਾ ਸੀ ਤੇ ਬਹੁਤ ਹੀ ਸੋਹਣਾ ਮਾਹੌਲ ਸੀ। ਇਲਾਕੇ ਦੀ ਸੰਗਤ ਨੇ ਬਹੁਤ ਹੀ ਵਧੀਆ ਹੋਲਾ ਮਹੱਲਾ ਮਨਾਇਆ। ਇਸ ਤਰ੍ਹਾਂ ਇਹ ਹੋਲਾ ਮਹੱਲਾ ਸੰਗਤ ਵਿੱਚ ਖੁਸ਼ੀਆਂ-ਖੇੜੇ ਵੰਡਦਾ ਹੋਇਆ ਵਧੀਆ ਮਾਹੌਲ 'ਚ ਸੰਪੰਨ ਹੋਇਆ।


ਸਬੰਧਿਤ ਫੋਟੋਆਂ 23,24,25 ਸਫ਼ੇ 'ਤੇ......



Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ®
Contact : Cell (209) 550-1704
220 - A Standiford Ave, Modesto, CA 95350, kkaur@mycvre.com

Space availabe for Ad
Contact #
+1 (209) 303-1260

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
Simranveer Singh
Realtor
The JRP Group
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com | www.thepalfilms.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS




Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS

**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



Apply online at www.lendingassets.com and check out the live lowest rates on our website


NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER


2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਆਤਮਾ



ਸਾਂਝੀ ਸੋਚ
ਗੁਰਚਰਨ ਸਿੰਘ ਜਿਉਣਵਾਲਾ
ਕਨੇਡਾ
647-966-3132

ਗੁਰੂ ਨਾਨਕ ਸਾਹਿਬ ਨੇ ਜਦੋਂ ਇਹ ਦੇਖਿਆ ਕਿ ਦੁਨੀਆ
ਤੰਤ ਮੰਤ ਰਾਸਾਇਣਾ ਕਰਾਮਾਤ ਕਾਲਖਿ ਲਪਟਾਏ।
ਇਕਸਿ ਤੇ ਬਹੁ ਰੂਪ ਕਰਿ ਰੂਪ ਕਰੂਪੀ ਘਣੇ ਦਿਖਾਏ॥
ਕਲਿਜੁਗਿ ਅੰਦਰਿ ਭਰਮਿ ਭੁਲਾਏ॥ ਵਾਰ 1,ਪਉੜੀ19, ਭਾਈ ਗੁਰਦਾਸ ਜੀ।

ਜਾਦੂ ਟੂਣਿਆਂ ਵਿੱਚ ਫਸੀ ਪਾਈ ਹੈ ਤੇ ਸਮਾਜਿਕ ਕਰਤੇ ਧਰਤੇ ਲੋਕਾਂ ਦੀ ਛਿੱਲ ਉਤਾਰ ਉਤਾਰ ਕੇ ਆਪਣਾ ਹੀ ਪੇਟ ਭਰੀ ਜਾ ਰਹੇ ਹਨ। ਜਨਤਾ ਭੁੱਖੀ ਮਰ ਰਹੀ ਹੈ। ਭੁੱਖੇ ਮਰਨ ਦੇ ਨਾਲ ਨਾਲ ਮਾਨਸਿਕ ਰੋਗੀ ਵੀ ਹੋ ਰਹੀ ਹੈ। ਜਿਵੇਂ ਬਾਬਾ ਫਰੀਦ ਜੀ ਉਚਾਰਣ ਕਰਦੇ ਹਨ:

ਫਰੀਦਾ ਮੈ ਜਾਨਿਆ ਦੁਖੁ ਮੁਝ ਕੂ, ਦੁਖੁ ਸਬਾਇਐ ਜਗਿ ॥
ਊਚੇ ਚੜਿ ਕੈ ਦੇਖਿਆ ਤਾਂ ਘਰਿ ਘਰਿ ਏਹਾ ਅਗਿ ॥81॥ ਪੰਨਾ 1382, ਬਾਬਾ ਫਰੀਦ ਜੀ।

ਕਿ ਸਾਰੀ ਦੁਨੀਆ ਦੁਖੀ ਹੈ ਤਾਂ ਕਾਰਣ ਲੱਭਿਆ ਕਿ ਦੁਨੀਆ ਦੁਖੀ ਕਿਉਂ ਹੈ। ਫਿਰ ਬਾਬਾ ਧਰਤੀ ਤੇ ਵੱਸਦੇ ਲੋਕਾਂ ਦੀ ਸਾਰ ਲੈਣ ਲਈ ਜਿਵੇਂ ਭਾਈ ਗੁਰਦਾਸ ਜੀ ਆਪਣੀ ਪਹਿਲੀ ਵਾਰ ਦੀ 24ਵੀਂ ਪਉੜੀ ਵਿੱਚ ਲਿਖਦੇ ਹਨ:

ਬਾਝੁ ਗੁਰੂ ਗੁਬਾਰੁ ਹੈ ਹੈ ਹੈ ਕਰਦੀ ਸੁਣੀ ਲੁਕਾਈ।
ਬਾਬੇ ਭੇਖ ਬਣਾਇਆ ਉਦਾਸੀ ਕੀ ਰੀਤਿ ਚਲਾਈ।
ਚੜ੍ਹਿਆ ਸੋਧਣਿ ਧਰਤਿ ਲੋਕਾਈ॥24॥

ਆਪਣੇ ਪ੍ਰਚਾਰ ਦੌਰਿਆਂ ਰਾਹੀਂ ਗੁਰੂ ਨਾਨਕ ਸਾਹਿਬ ਨੇ ਲੋਕਾਂ ਨੂੰ ਪੁਰਾਣੇ ਅੰਧ-ਵਿਸ਼ਵਾਸ ਵਿਚੋਂ ਬਾਹਰ ਕੱਢਣ ਦੇ ਉਪਰਾਲੇ ਕੀਤੇ। ਬ੍ਰਾਹਮਣ ਦੇ ਵਿਛਾਏ ਹੋਏ ਕਰਮ-ਕਾਂਢ ਦੇ ਜਾਲ ਵਿਚੋਂ ਲੋਕਾਂ ਨੂੰ ਕੱਢਣ ਦਾ ਉਪਦੇਸ਼ ਦਿੱਤਾ।

ਬ੍ਰਾਹਮਣ ਦਾ ਕਰਮ-ਕਾਂਢ ਕੀ ਹੈ? ਸਵਰਗ ਨਰਕ,ਇਸ ਵਿੱਚ ਜਾਣ ਦਾ ਤਰੀਕਾ, ਉੱਥੇ ਲੇਖਾ ਜੋਖਾ, ਲੇਖਾ ਜੋਖਾ ਕਰਨ ਲਈ ਧਰਮ ਰਾਜ, ਜਮਦੂਤ, ਧਰਮ ਰਾਜ ਦੇ ਕੁੱਤੇ ਜ਼ਿਨ੍ਹਾਂ ਦਾ ਨਾਮ ਹਿੰਦੂ ਮਥਿਹਾਸ ਕੋਸ਼ ਮੁਤਾਬਕ ਸ਼ਰਮਯੇ ਹੈ ਤੇ ਉਹ ਮਰੇ ਹੋਏ ਜੀਵ ਦੀ ਆਤਮਾ ਨੂੰ ਭੌਂਕ ਭੌਂਕ ਕੇ ਜਲਦੀ ਧਰਮ ਰਾਜ ਕੋਲ ਪਹੁੰਚਾਣ 'ਚ ਮੱਦਦ ਕਰਦੇ ਹਨ। ਵੈਸੇ 365 ਦਿੱਨ ਲੱਗਦੇ ਹਨ ਪਤਾ ਨਹੀਂ ਕਿਥੇ ਜਾਣ ਵਾਸਤੇ ਅਤੇ ਕਦੀ ਕਿਸੇ ਨੇ ਕੋਈ ਸਿਰਨਾਵਾਂ ਵੀ ਨਹੀਂ ਦਿੱਤਾ,ਆਤਮਾ ਤੇ ਪਿੱਛਲੇ ਜਨਮ ਦਾ ਲੇਖਾ ਕਰਕੇ ਅਗਲੇ ਜਨਮ ਵਿੱਚ ਭੇਜਣ ਦਾ ਪ੍ਰਬੰਧ ਮਤਲਬ ਪੁਨਰ-ਜਨਮ, ਮਿਲ ਰਹੇ ਮਾੜੇ ਜਨਮ ਵਿਚੋਂ ਬਾਹਰ ਨਿਕਲਣ ਦਾ ਤਰੀਕਾ ਬ੍ਰਾਹਮਣ ਕੋਲੋਂ ਮੰਤਰ ਲੈ ਕੇ, ਪੂਜਾ ਕਰਾਕੇ, ਦਾਨ ਦੇ ਕੇ, ਚੰਗਾ ਜਨਮ ਪ੍ਰਾਪਤ ਕਰਨ ਦਾ ਤਰੀਕਾ ਆਦਿ ਇਹ ਸਾਰੇ ਦਾ ਸਾਰਾ ਇਕ ਨਿਯਮ ਬ੍ਰਾਹਮਣ ਦੀ ਲਾਗੂ ਕੀਤੀ ਲੁੱਟ-ਯੋਜਨਾ ਹੈ।

ਇਸ ਵਿਚੋਂ ਕੋਈ ਵੀ ਚੀਜ਼ ਨੂੰ ਮਨਫੀ ਨਹੀਂ ਕੀਤਾ ਜਾ ਸਕਦਾ ਤੇ ਕਿਸੇ ਵੀ ਇਕ ਚੀਜ਼ ਨੂੰ ਲਾਗੂ ਨਹੀਂ ਕੀਤਾ ਜਾ ਸਕਦਾ। ਇਸ ਕਰਕੇ ਗੁਰੂ ਨਾਨਕ ਸਾਹਿਬ ਨੇ:

ਸਬਦਿ ਜਿਤੀ ਸਿਧਿ ਮੰਡਲੀ ਕੀਤੋਸ ਆਪਣਾ ਪੰਥ ਨਿਰਾਲਾ॥
ਕਲਜੁਗਿ ਨਾਨਕ ਨਾਮੁ ਸੁਖਾਲਾ"। ਪਉੜੀ 31, ਵਾਰ 1, ਭਾਈ ਗੁਰਦਾਸ ਜੀ।

ਲਫਜ਼ ਆਤਮਾ ਗੁਰਬਾਣੀ ਵਿੱਚ ਵਰਤਿਆ ਗਿਆ ਹੈ ਪਰ ਅੱਗੇ ਦਿੱਤੇ ਸਲੋਕਾਂ ਵਿੱਚ, ਕਿਸੇ ਇਕ ਵਿੱਚ ਵੀ ਗੁਰੂ ਜੀ ਇਹ ਨਹੀਂ ਫੁਰਮਾਉਂਦੇ ਕਿ ਕਿਸੇ ਜੀਵ ਦੇ ਮਰਨ ਤੋਂ ਬਾਅਦ ਕੋਈ ਆਤਮਾ ਨਾਮ ਦੀ ਚੀਜ਼ ਇਸ ਸਰੀਰ ਵਿਚੋਂ ਨਿਕਲ ਕੇ ਕਿਸੇ ਫਰਜੀ ਧਰਮ ਰਾਜ ਕੋਲ ਲੇਖਾ-ਜੋਖਾ ਕਰਨ ਜਾਂਦੀ ਹੈ ਤੇ ਫਿਰ ਉਸਦੇ ਹਿਸਾਬ ਕਿਤਾਬ ਮੁਤਾਬਕ ਹੀ ਉਸ ਜੀਵ ਨੂੰ ਜਨਮ ਮਿਲਦਾ ਹੈ ਯਾ ਪੂਰਨ ਜਨਮ ਹੁੰਦਾ ਹੈ।

ਜਦੋਂ ਗੁਰੂ ਨਾਨਕ ਸਾਹਿਬ ਇਸ ਦੁਨੀਆ ਵਿੱਚ ਆਏ ਤਾਂ ਲਫਜ਼ 'ਆਤਮਾ' ਉਸ ਵੇਲੇ ਸਮਾਜ ਦੀ ਬੋਲੀ ਦਾ ਅੰਗ ਸੀ। ਜਿਨ੍ਹਾਂ ਜਿਨ੍ਹਾਂ ਕਰਮ ਕਾਂਡਾਂ ਕਰਕੇ ਲੋਕਾਈ ਲੁਟੀਂਦੀ ਜਾ ਰਹੀ ਸੀ ਤੇ ਗੁਰੂ ਨਾਨਕ ਸਾਹਿਬ ਨੇ ਆਪਣੇ ਫਰਜ਼ ਨਿਭਾਉਣ ਲਈ ਉਨ੍ਹਾਂ ਕਰਮ-ਕਾਂਡਾਂ ਤੇ ਕਟਾਖਸ਼ ਕਰਨਾ ਸੀ ਤਾਂ ਉਨ੍ਹਾਂ ਕਰਮ-ਕਾਂਡਾਂ ਦਾ ਨਾਮ ਲੈ ਕੇ ਹੀ ਆਰਾ ਫੇਰਨਗੇ। ਇਸ ਕਰਕੇ ਆਤਮਾ ਨਾਮ ਦਾ ਲਫਜ਼ ਤਾਂ ਗੁਰਬਾਣੀ ਵਿੱਚ ਆਉਣਾ ਹੀ ਸੀ।

ਆਓ ਹੁਣ ਦੇਖੀਏ ਕਿ ਗੁਰਬਾਣੀ ਮੁਤਾਬਕ ਆਤਮਾ ਦਾ ਕੀ ਮਤਲਬ ਹੈ।

ਹਰਿ ਜੀ ਸਚਾ ਸਚੁ ਤੂ ਸਭੁ ਕਿਛੁ ਤੇਰੈ ਚੀਰੈ ॥
ਲਖ ਚਉਰਾਸੀਹ ਤਰਸਦੇ ਫਿਰੇ ਬਿਨੁ ਗੁਰ ਭੇਟੇ ਪੀਰੈ ॥
ਹਰਿ ਜੀਉ ਬਖਸੇ ਬਖਸਿ ਲਏ ਸੂਖ ਸਦਾ ਸਰੀਰੈ ॥
ਗੁਰ ਪਰਸਾਦੀ ਸੇਵ ਕਰੀ ਸਚੁ ਗਹਿਰ ਗੰਭੀਰੈ ॥1॥
ਮਨ ਮੇਰੇ ਨਾਮਿ ਰਤੇ ਸੁਖੁ ਹੋਇ ॥
ਗੁਰਮਤੀ ਨਾਮੁ ਸਲਾਹੀਐ ਦੂਜਾ ਅਵਰੁ ਨਾ ਕੋਇ ॥1॥ ਰਹਾਉ ॥
ਧਰਮਰਾਇ ਨੋ ਹੁਕਮੁ ਹੈ ਬਹਿ ਸਚਾ ਧਰਮੁ ਬੀਚਾਰਿ ॥
ਦੂਜੈ ਭਾਇ ਦੁਸਟੁ ਆਤਮਾ ਓਹੁ ਤੇਰੀ ਸਰਕਾਰ ॥
ਅਧਿਆਤਮੀ ਹਰਿ ਗੁਣਤਾਸੁ ਮਨਿ ਜਪਹਿ ਏਕੁ ਮੁਰਾਰਿ ॥
ਤਿਨ ਕੀ ਸੇਵਾ ਧਰਮਰਾਇ ਕਰੈ ਧੰਨੁ ਸਵਾਰਣਹਾਰੁ ॥2॥ ਪੰਨਾ 38-39, ਮ:3 ॥

ਇਸ ਸਲੋਕ ਵਿੱਚ ਤਾਂ ਗੁਰੂ ਸਹਿਬਾਨ ਨੇ ਹਿੰਦੂਆਂ ਦੇ ਫਰਜੀ ਧਰਮ ਰਾਇ ਨੂੰ ਸੱਚ ਨਾਲ ਜੁੜਨ ਵਾਲੇ ਜੀਵਾਂ ਦੀ ਸੇਵਾ ਕਰਨ ਲਈ ਵੀ ਖੜਾ ਕਰ ਦਿੱਤਾ ਹੈ ਤੇ ਆਤਮਾ ਦਾ ਮਤਲਬ ਮਰਨ ਤੋਂ ਬਾਅਦ ਸਰੀਰ ਵਿਚੋਂ ਨਿਕਲਣ ਵਾਲੀ ਕਿਸੇ ਚੀਜ਼ ਦਾ ਨਾਮ ਕਿਵੇਂ ਕਰਾਂਗੇ?

ਆਤਮਾ ਦੇਉ ਪੂਜੀਐ ਗੁਰ ਕੈ ਸਹਜਿ ਸੁਭਾਇ ॥
ਆਤਮੇ ਨੋ ਆਤਮੇ ਦੀ ਪ੍ਰਤੀਤਿ ਹੋਇ ਤਾ ਘਰ ਹੀ ਪਰਚਾ ਪਾਇ ॥
ਆਤਮਾ ਅਡੋਲੁ ਨ ਡੋਲਈ ਗੁਰ ਕੈ ਭਾਇ ਸੁਭਾਇ ॥
ਗੁਰ ਵਿਣੁ ਸਹਜੁ ਨ ਆਵਈ ਲੋਭੁ ਮੈਲੁ ਨ ਵਿੱਚਹੁ ਜਾਇ ॥
ਖਿਨੁ ਪਲੁ ਹਰਿ ਨਾਮੁ ਮਨਿ ਵਸੈ ਸਭ ਅਠਸਠਿ ਤੀਰਥ ਨਾਇ ॥
ਸਚੇ ਮੈਲੁ ਨ ਲਗਈ ਮਲੁ ਲਾਗੈ ਦੂਜੈ ਭਾਇ ॥
ਧੋਤੀ ਮੂਲਿ ਨ ਉਤਰੈ ਜੇ ਅਠਸਠਿ ਤੀਰਥ ਨਾਇ ॥
ਮਨਮੁਖ ਕਰਮ ਕਰੇ ਅਹੰਕਾਰੀ ਸਭ ਦੁਖੋ ਦੁਖੁ ਕਮਾਇ ॥
ਨਾਨਕ ਮੈਲਾ ਊਜਲੁ ਤਾ ਥੀਐ ਜਾ ਸਤਿਗੁਰ ਮਾਹਿ ਸਮਾਇ ॥1॥ ਪੰਨਾ 87, ਮ:3 ॥

ਇਸ ਸਲੋਕ ਵਿੱਚ ਆਤਮਾ ਦਾ ਮਤਲਬ ਮਨੁੱਖੀ ਸਰੀਰ ਖਤਮ ਹੋਣ ਤੋਂ ਬਾਅਦ ਨਿਕਲਣ ਵਾਲੀ ਕਿਸੇ ਸ਼ੈਅ ਤੋਂ ਨਹੀਂ। ਪਹਿਲੀ ਪੰਗਤੀ ਆਤਮਾ ਦੇਉ-ਪਰਮਾਤਮਾ, ਸਹਜਿ-ਸਹਜ ਵਿੱਚ, ਗਿਆਨ ਅਵਸਥਾ ਵਿੱਚ, ਸੁਭਾਇ-ਸੁਭਾਵ ਵਿੱਚ (ਲੀਨ ਹੋ ਕੇ) ਆਏ ਇਹ ਲਫਜ਼ ਤਾਂ ਇਹ ਦੱਸਦੇ ਹਨ ਕਿ ਜਦੋਂ ਅਸੀਂ ਗਿਆਨਵਾਨ ਹੋ ਕੇ ਗਿਆਨ ਰੂਪੀ ਪ੍ਰਮਾਤਮਾ ਨਾਲ ਸਾਂਝ ਪਾ ਲੈਂਦੇ ਹਾ ਤਾਂ ਫਿਰ ਸਾਡੇ ਹਿਰਦੇ ਵਿੱਚ ਪ੍ਰਮਾਤਮਾ ਪ੍ਰਤੀ ਪਿਆਰ ਟਿਕ ਜਾਂਦਾ ਹੈ। ਅਠਸਠਿ (68) ਤੀਰਥਾਂ ਤੇ ਨਹਾਉਣ ਨਾਲ ਵੀ ਮਨ ਦੀ ਮੈਲ ਨਹੀਂ ਉੱਤਰਦੀ। ਮਨੁੱਖ ਦੇ ਮਨ ਦੀ ਮੈਲ ਤਾਂ ਸਿਰਫ ਗਿਆਨ ਨਾਲ ਹੀ ਉੱਤਰਦੀ ਹੈ।

ਦੁਰਮਤਿ ਹਰੀ ਸੇਵਾ ਕਰੀ ਭੇਟੇ ਸਾਧ ਕ੍ਰਿਪਾਲ ॥
ਨਾਨਕ ਪ੍ਰਭ ਸਿਉ ਮਿਲਿ ਰਹੇ ਬਿਨਸੇ ਸਗਲ ਜੰਜਾਲ ॥12॥ ਪੰਨਾ 299॥

ਇਸ ਸਲੋਕ ਵਿੱਚ ਵੀ ਆਤਮਾ ਕਿਸੇ ਸਰੀਰ ਵਿਚੋਂ ਮਰਨ ਤੋਂ ਬਾਅਦ ਨਿਕਲਣ ਵਾਲੀ ਕਿਸੇ ਸ਼ੈਅ ਦਾ ਨਾਮ ਨਹੀਂ। ਦੁਰਮਤਿ-ਭੈੜੀ ਮਤਿ ਦੂਰ ਕਰਨ ਨਾਲ ਹੀ ਪ੍ਰਮਾਤਮਾ ਦਾ ਸੰਗ ਪ੍ਰਾਪਤ ਹੋਇਆ ਹੈ। ਇਸੇ ਕਰਕੇ ਹੀ ਗੁਰੂ ਨਾਨਕ ਸਾਹਿਬ ਨੇ "ਚੜ੍ਹਿਆ ਸੋਧਣਿ ਧਰਤਿ ਲੋਕਾਈ" ਵਾਲਾ ਕੰਮ ਕਰਨ ਦਾ ਫੈਸਲਾ ਕੀਤਾ।

ਨਾ ਕਾਸੀ ਮਤਿ ਊਪਜੈ ਨਾ ਕਾਸੀ ਮਤਿ ਜਾਇ ॥
ਸਤਿਗੁਰ ਮਿਲਿਐ ਮਤਿ ਊਪਜੈ ਤਾ ਇਹ ਸੋਝੀ ਪਾਇ ॥1॥
ਹਰਿ ਕਥਾ ਤੂੰ ਸੁਣਿ ਰੇ ਮਨ ਸਬਦੁ ਮੰਨਿ ਵਸਾਇ ॥
ਇਹ ਮਤਿ ਤੇਰੀ ਥਿਰੁ ਰਹੈ ਤਾਂ ਭਰਮੁ ਵਿੱਚਹੁ ਜਾਇ ॥1॥ ਰਹਾਉ ॥
ਹਰਿ ਚਰਣ ਰਿਦੈ ਵਸਾਇ ਤੂ ਕਿਲਵਿਖ ਹੋਵਹਿ ਨਾਸੁ ॥
ਪੰਚਭੂ ਆਤਮਾ ਵਸਿ ਕਰਹਿ ਤਾ ਤੀਰਥ ਕਰਹਿ ਨਿਵਾਸੁ ॥2॥ ਪੰਨਾ 491, ਮ:3 ॥

ਇਸ ਸਲੋਕ ਦੀਆਂ ਪਹਿਲੀਆਂ ਪੰਗਤੀਆਂ ਵਿੱਚ ਮਤਿ ਦੀ ਗੱਲ ਇਹ ਦੱਸਦੀ ਹੈ ਕਿ ਆਤਮਾ ਦਾ ਮਤਲਬ ਮਨੁੱਖੀ ਸੋਚ ਤੋਂ ਹੈ। ਸੋਚ ਕੋਲੂ ਵਿੱਚ ਪੀੜੀ ਨਹੀਂ ਜਾ ਸਕਦੀ। ਸੋਚ ਨੂੰ ਸਜਾ ਨਹੀਂ ਦਿੱਤੀ ਜਾ ਸਕਦੀ। ਸੋਚ ਮੈਲੀ ਹੋ ਜਾਂਦੀ ਹੈ ਤਾਂ ਮੈਲੀ ਸੋਚ ਨੂੰ ਹੀ ਮਨੁੱਖ ਨੇ ਸਾਫ ਕਰਨਾ ਹੈ। ਇਸੇ ਹੀ ਮੈਲੀ ਹੋਈ ਸੋਚ ਨੂੰ ਸਾਫ/ਚੰਗਾ ਬਾਣਾਉਣ ਲਈ ਹੀ ਗੁਰੂ ਬਾਬਾ ਜੀ ਨੇ ਫੈਸਲਾ ਕਰਕੇ 25-30 ਸਾਲਾਂ ਦਾ ਲੰਮਾ ਪੈਂਡਾ ਤਹਿ ਕਰਕੇ ਆਪਣਾ ਨਿਰਾਲਾ ਪੰਥ ਕਾਇਮ ਕੀਤਾ।

ਨਦਰਿ ਕਰੇ ਤਾ ਸਿਮਰਿਆ ਜਾਇ ॥
ਆਤਮਾ ਦ੍ਰਵੈ ਰਹੈ ਲਿਵ ਲਾਇ ॥
ਆਤਮਾ ਪਰਾਤਮਾ ਏਕੋ ਕਰੈ ॥
ਅੰਤਰ ਕੀ ਦੁਬਿਧਾ ਅੰਤਰਿ ਮਰੈ ॥1॥
ਗੁਰ ਪਰਸਾਦੀ ਪਾਇਆ ਜਾਇ ॥
ਹਰਿ ਸਿਉ ਚਿਤੁ ਲਾਗੈ ਫਿਰਿ ਕਾਲੁ ਨ ਖਾਇ ॥1॥ ਰਹਾਉ ॥ ਪੰਨਾ 661, ਮ:1 ॥

ਜੇ ਕਿਸੇ ਮਨੁੱਖ ਦੀ ਸੋਚ ਤੇ ਦੂਸਰੇ ਦੀ ਸੋਚ ਇਕ ਹੋ ਜਾਵੇ ਤਾਂ ਵੱਖਰੇਵਾ ਖਤਮ ਹੋ ਜਾਂਦਾ ਹੈ। ਬੰਦਾ ਅੰਦਰੋਂ ਤੇ ਬਾਹਰੋਂ ਜਦੋਂ ਇਕ ਹੋ ਜਾਵੇ ਤਾਂ ਆਤਮਾ ਪਰਾਤਮਾ ਵੱਖਰੇਵਾਂ ਖਤਮ ਕਰਨਾ ਹੈ, ਦੁਬਿਦਾ ਨੂੰ ਖਤਮ ਕਰਨਾ। ਫਿਰ 'ਹਰਿ ਸਿਉ ਚਿਤੁ' ਲਗਾਉਣ ਦੀ ਹਦਾਇਤ ਹੈ।

ਇਸ ਤਰ੍ਹਾਂ ਕਰਕੇ ਜਿਉਂਦੇ ਜੀਅ ਬੰਦੇ ਦਾ ਆਉਣਾ ਜਾਣਾ, ਜੰਮਣ-ਮਰਨ ਖਤਮ ਹੋ ਜਾਂਦਾ ਹੈ। ਭਾਵ ਦੁਬਿਦਾ ਖਤਮ ਹੋ ਜਾਂਦੀ ਹੈ।

ਇਨ੍ਹਾਂ ਉਪਰ ਲਿਖੇ ਸਲੋਕਾਂ ਵਿਚੋਂ ਕਿਸੇ ਇਕ ਸਲੋਕ ਵਿੱਚ ਕਿਸੇ ਪ੍ਰਾਣੀ ਦੇ ਮਰਨ ਦੀ ਗੱਲ ਨਹੀਂ ਤੇ ਨਾ ਹੀ ਆਏ 'ਆਤਮਾ' ਲਫਜ਼ ਦਾ ਮਤਲਬ ਇਹ ਬਣਦਾ ਹੈ ਕਿ ਮਰੇ ਹੋਏ ਪ੍ਰਾਣੀ ਦੇ ਸਰੀਰ ਵਿਚੋਂ ਕੁੱਝ ਨਿਕਲ ਕੇ ਕਿਤੇ ਜਾਂਦਾ ਹੈ ਤੇ ਉਹ ਆਤਮਾ ਹੈ। ਉਪਰਲੇ ਸਾਰੇ ਸਲੋਕਾਂ ਦੀ ਵਿਆਖਿਆ ਵੀ ਪ੍ਰੋ. ਸਾਹਿਬ ਸਿੰਘ ਵਾਲੀ ਹੀ ਲਿਖੀ ਗਈ ਹੈ

ਜਿਨ੍ਹਾਂ ਜਿਨ੍ਹਾਂ ਸੱਜਣਾਂ ਨੂੰ ਹੁਣ ਮਨੁੱਖਾ ਦੇਹੀ ਮਿਲੀ ਹੋਈ ਹੈ ਕੀ ਉਹ ਹੁਣ ਦੱਸ ਸਕਣਗੇ:
ਕਿ ਪਿਛਲੇ ਜਨਮ ਵਿੱਚ ਉਨ੍ਹਾਂ ਨੇ ਕਿਹੜੀ ਭਗਤੀ ਕੀਤੀ ਸੀ ਜਿਸ ਕਰਕੇ ਉਨ੍ਹਾਂ ਨੂੰ ਹੁਣ ਇਹ ਜਨਮ ਪ੍ਰਾਪਤ ਹੋਇਆ?
ਜੇ ਕਰ ਉਹ ਲੋਕ ਪਿਛਲੇ ਜਨਮ ਵਿੱਚ ਕੁੱਤੇ,ਗੰਦਗੀ ਦੇ ਕੀੜੇ,ਮੱਝ,ਗਾਂ,ਝੋਟਾ ਆਦਿ ਸਨ ਤਾਂ ਪ੍ਰਮਾਤਮਾ ਨੇ ਉਨ੍ਹਾਂ ਨੂੰ ਕਿਹੜੀ ਸੇਵਾ/ਭਗਤੀ ਕਾਰਣ ਅੱਜ ਵਾਲੀ ਮਨੁੱਖਾ ਦੇਹੀ ਦਿੱਤੀ ਹੈ?
ਪਿੱਛਲੇ ਜਨਮ ਵਿੱਚ ਉਹ ਕਿੱਥੇ ਲੇਖਾ ਦੇਣ ਗਏ ਸਨ?
ਉਨ੍ਹਾਂ ਨੂੰ ਕਿਵੇਂ ਪਤਾ ਚੱਲਿਆ ਕਿ ਉਨ੍ਹਾਂ ਨੇ ਕਿਤੇ ਲੇਖਾ ਦਿੱਤਾ ਸੀ?

ਗੁਰਬਾਣੀ ਤਾਂ ਗੁਰੂ ਪਿਆਰਿਓ ਇਸ ਦੇਹੀ ਦੇ ਧਾਰਣ ਨੂੰ ਵੀ ਜਨਮ ਲੈਣਾ ਨਹੀਂ ਮੰਨਦੀ। ਗੁਰੂ ਵਾਕ ਇਸ ਤਰ੍ਹਾਂ ਹਨ:

ਗੁਰ ਸੇਵਾ ਤੇ, ਭਗਤਿ ਕਮਾਈ ॥
ਤਬ ਇਹ ਮਾਨਸ ਦੇਹੀ ਪਾਈ ॥
ਇਸ ਦੇਹੀ ਕਉ ਸਿਮਰਹਿ ਦੇਵ ॥
ਸੋ ਦੇਹੀ ਭਜੁ ਹਰਿ ਕੀ ਸੇਵ ॥1॥ ਪੰਨਾ 1159, ਭਗਤ ਕਬੀਰ ਜੀ ॥

ਐ ਬੰਦੇ ਜੇ ਤੂੰ ਚੰਗੇ ਗੁਣ ਧਾਰਨ ਕੀਤੇ ਹਨ ਤਾਂ ਤੂੰ ਇਹ ਦੇਹੀ ਪਾਈ ਹੈ। ਨਹੀਂ ਤਾਂ ਕੀ ਹੈ?

ਕਰਤੂਤਿ ਪਸੂ ਕੀ ਮਾਨਸ ਜਾਤਿ ॥

ਇਸੇ ਹੀ ਵਿਚਾਰ ਨੂੰ ਗੁਰੂ ਜੀ ਇਉਂ ਫੁਮਾਉਂਦੇ ਹਨ:

ਸਾਧਸੰਗਿ ਭਇਓ ਜਨਮੁ ਪਰਾਪਤਿ ॥
ਕਰਿ ਸੇਵਾ ਭਜੁ ਹਰਿ ਹਰਿ ਗੁਰਮਤਿ ॥
ਤਿਆਗਿ ਮਾਨੁ ਝੂਠੁ ਅਭਿਮਾਨੁ ॥
ਜੀਵਤ ਮਰਹਿ ਦਰਗਹ ਪਰਵਾਨੁ ॥3॥ ਪੰਨਾ 176, ਮ:5 ॥

ਐ ਬੰਦ! ਜੇ ਤੂੰ ਚੰਗੇ ਗੁਣ ਧਾਰਣ ਕੀਤੇ ਹਨ ਤਾਂ ਤੂੰ ਜਨਮ ਲਿਆ ਹੈ ਨਹੀਂ ਤਾਂ ਜਨਮ ਲਿਆ ਹੀ ਨਹੀਂ। ਹੁਣ ਤੂੰ ਸਮਾਜ ਸੇਵਾ ਕਰ ਗਿਆਨ ਪ੍ਰਾਪਤ ਕਰਕੇ। ਆਪਣੇ ਮਾਨ ਅਭਿਮਾਨ ਨੂੰ ਤਿਆਗ ਦੇਹ ਜਿਉਂਦੇ ਜੀਅ ਤਾਂ ਤੇਰਾ ਇਸ ਸੰਸਾਰ ਵਿੱਚ ਆਉਣ ਪ੍ਰੀਵਾਨ ਹੋਵੇਗਾ।

ਬ੍ਰਾਹਮਣ ਵਾਲੀ ਆਤਮਾ ਨੂੰ ਗੁਰਮਤਿ ਵਿੱਚ ਕੋਈ ਥਾਂ ਨਹੀਂ।

Information in Public Interest

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148


Arrested ?
DUI ?
Drug Charges ?
Gun Violation ?
Ghuman Law Group
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001

GHUMAN
LAW GROUP INC.

# Ghuman Law Group
## ਤੁਹਾਡੇ ਲਈ ਲੈ ਕੇ ਆਏ ਨੇ
## AMERICA ਵਿੱਚ
## BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**
**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA

ਜਿੱਥੇ ਡੁੱਲ੍ਹਦਾ ਖੂਨ ਸ਼ਹੀਦਾਂ ਦਾ, ਉੱਥੇ ਉੱਗਦਾ ਰੁੱਖ ਆਜ਼ਾਦੀ ਦਾ।
ਸਦੀਆਂ ਤੀਕ ਦੁਨੀਆਂ ਯਾਦ ਰੱਖੂ, ਸਾਕਾ ਜ਼ਾਲਮ ਦੀ ਬਰਬਾਦੀ ਦਾ।

# ਇੰਡੋ ਅਮੈਰਿਕਨ ਹੈਰੀਟੇਜ ਫੋਰਮ, ਫਰਿਜ਼ਨੋ


ਵਲੋਂ ਭਾਰਤ ਦੀ ਆਜ਼ਾਦੀ ਦੇ ਸੰਗਰਾਮ ਵਿਚ ਹਿੱਕਾਂ ਡਾਹ ਕੇ ਅਥਾਹ ਕੁਰਬਾਨੀਆਂ ਕਰਨ ਵਾਲੇ ਬਹਾਦਰ ਯੋਧਿਆਂ ਅਤੇ ਸਮੁੱਚੀ ਗ਼ਦਰ ਪਾਰਟੀ ਨੂੰ ਸਮਰਪਿਤ

# 24ਵਾਂ 'ਮੇਲਾ ਗ਼ਦਰੀ ਬਾਬਿਆਂ ਦਾ'


ਕਰਤਾਰ ਸਿੰਘ ਸਰਾਭਾ


ਬਾਬਾ ਜਵਾਲਾ ਸਿੰਘ


ਬਾਬਾ ਵਿਸਾਖਾ ਸਿੰਘ


ਬਾਬਾ ਸੋਹਣ ਸਿੰਘ ਭਕਨਾ


ਗਦਰੀ ਸੰਤੋਖ ਸਿੰਘ ਧਰਦਿਓ

## 12 ਅਪ੍ਰੈਲ 2026, ਦਿਨ ਐਤਵਾਰ, ਦੁਪਹਿਰ 1:00 ਵਜੇ ਤੋਂ ਸ਼ਾਮ 6:00 ਵਜੇ ਤੱਕ

**Central High School, East Campus Performing Art Center 3535 N. Cornelia Ave, Fresno, CA 93722**

## ਵਿਖੇ ਸਮੂਹ ਭਾਈਚਾਰੇ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ।

**ਪਹੁੰਚ ਰਹੇ ਗਾਇਕ ਕਲਾਕਾਰ**


ਲਾਲੀ ਤੱਖਰ


ਰਾਜ ਬਰਾੜ

**ਮੰਚ ਸੰਚਾਲਨ**


ਆਸ਼ਾ ਸ਼ਰਮਾ

**ਹੋਰ ਪ੍ਰੋਗਰਾਮ:**
ਗੀਤ, ਕਵਿਤਾਵਾਂ, ਭਾਸ਼ਨ, ਗਿੱਧਾ ਤੇ ਭੰਗੜਾ

4.0 ਗਰੇਡ ਵਾਲੇ ਵਿਦਿਆਰਥੀਆਂ ਦਾ ਸਨਮਾਨ
ਵਿਦਿਆਰਥੀਆਂ ਦਾ ਨਾਮ ਰਜਿਸਟਰ ਕਰਨ ਲਈ ਵਿਦਿਆਰਥੀ ਦਾ ਨਾਮ, ਸੰਪਰਕ ਫੋਨ ਨੰਬਰ ਅਤੇ ਸਕੂਲ ਗਰੇਡ ਸ਼ੀਟ ਜਾਂ ਰਿਪੋਰਟ ਕਾਰਡ ਦੀ ਕਾਪੀ ਈਮੇਲ ਐਡਰੈੱਸ IAHForum@gmail.com ਤੇ ਭੇਜਣੀ ਜ਼ਰੂਰੀ ਹੋਵੇਗੀ।
ਸੰਪਰਕ: ਸ਼ਰਨਜੀਤ ਧਾਲੀਵਾਲ (559) 974-8383

**Chief Guest & Speaker**
ਮੁੱਖ ਮਹਿਮਾਨ ਅਤੇ ਬੁਲਾਰਾ


Social Activist
**Dr. Swaiman Singh**

**ਚਾਹ ਪਾਣੀ ਤੇ ਪਕੌੜਿਆਂ ਦਾ ਲੰਗਰ ਸਾਰਾ ਦਿਨ ਚੱਲੇਗਾ**

ਆਓ ਸਾਰੇ ਪਰਿਵਾਰਾਂ ਸਮੇਤ ਰਲ ਮਿਲ ਕੇ ਦੇਸ਼ ਕੌਮ ਲਈ ਜਾਨਾਂ ਵਾਰਨ ਅਤੇ ਅੱਤ ਦਾ ਤਸ਼ੱਦਦ ਝੱਲਣ ਵਾਲੇ ਯੋਧਿਆਂ ਨੂੰ ਸ਼ਰਧਾ ਦੇ ਫੁੱਲ ਭੇਟ ਕਰੀਏ।

ਦੇਸ਼ ਲਈ ਕੁਰਬਾਨੀ ਕਰਨ ਵਾਲੇ ਮਹਾਨ ਸ਼ਹੀਦਾਂ ਤੇ ਗਦਰੀ ਬਾਬਿਆਂ ਦੀ ਫੋਟੋ ਪ੍ਰਦਰਸ਼ਨੀ ਲਗਾਈ ਜਾਵੇਗੀ।

**ਬੱਚਿਆਂ ਦੇ ਡਰਾਇੰਗ ਮੁਕਾਬਲੇ ਕਰਵਾਏ ਜਾਣਗੇ**

4.0 ਵਾਲੇ ਵਿਦਿਆਰਥੀ ਅਤੇ ਡਰਾਇੰਗ ਮੁਕਾਬਲੇ ਵਿੱਚ ਹਿੱਸਾ ਲੈਣ ਦੇ ਚਾਹਵਾਨ
ਫੋਰਮ ਦੀ ਈਮੇਲ iahforum@gmail.com ਤੇ ਆਪਣੀ ਜਾਣਕਾਰੀ ਭੇਜ ਕੇ ਆਪਣਾ ਨਾਮ ਰਜਿਸਟਰ ਕਰਵਾ ਸਕਦੇ ਹਨ

**ਜੀ.ਐੱਚ.ਜੀ ਡਾਂਸ ਅਤੇ ਸੰਗੀਤ ਅਕੈਡਮੀ ਦੀਆਂ ਟੀਮਾਂ ਵਲੋਂ ਗਿੱਧਾ ਤੇ ਭੰਗੜਾ ਪੇਸ਼ ਕੀਤਾ ਜਾਵੇਗਾ**

**ਮੇਲਾ ਕਮੇਟੀ**

ਨਵਦੀਪ ਸਿੰਘ ਧਾਲੀਵਾਲ, ਸੁਰਿੰਦਰ ਸਿੰਘ ਬਦੇਸ਼ਾ, ਮਹਿੰਦਰ ਸਿੰਘ ਚਾਹ, ਬਲਦੇਵ ਸਿੰਘ ਧਾਲੀਵਾਲ, ਗੁਰਦੀਪ ਸਿੰਘ ਗਿੱਲ, ਬੂਟਾ ਸਿੰਘ ਸਹੋਤਾ, ਪਰਗਟ ਸਿੰਘ ਧਾਲੀਵਾਲ, ਹਰਜਿੰਦਰ ਸਿੰਘ ਢੇਸੀ, ਸ਼ਰਨਜੀਤ ਕੌਰ ਧਾਲੀਵਾਲ, ਪਰਮਜੀਤ ਸਿੰਘ ਢਿੱਲੋਂ, ਗੁਰਮੀਤ ਸਿੰਘ ਗਿੱਲ, ਦਲਜੀਤ ਸਿੰਘ ਰਿਆੜ, ਗੁਰਮੀਤ ਸਿੰਘ ਗਾਜੀਆਣਾ, ਇੰਦਰਜੀਤ ਚੋਗਾਵਾਂ, ਤਾਰਾ ਸਿੰਘ ਸੰਧੂ, ਕੁਲਵਿੰਦਰ ਕੌਰ ਬਦੇਸ਼ਾ, ਬਲਬੀਰ ਕੌਰ ਧਾਲੀਵਾਲ, ਹਰਿੰਦਰ ਕੌਰ, ਰਵਿੰਦਰ ਕੌਰ ਚਾਹ, ਬਲਵਿੰਦਰ ਕੌਰ ਧਾਲੀਵਾਲ, ਪ੍ਰੀਤ ਕੌਰ ਗਿੱਲ, ਦਰਸ਼ਨ ਕੌਰ ਗਿੱਲ, ਪਰਮਜੀਤ ਕੌਰ ਗਿੱਲ, ਸੁਖਜਿੰਦਰ ਕੌਰ ਢਿੱਲੋਂ, ਮਨਵੀਰ ਕੌਰ ਧਾਲੀਵਾਲ, ਕਿਰਨਜੀਤ ਕੌਰ ਧਾਲੀਵਾਲ, ਟਹਿਲ ਸਿੰਘ ਢੇਸੀ, ਤਲਵਿੰਦਰ ਸਿੰਘ ਜੌਹਲ, ਜੋਗਾ ਸਿੰਘ ਬਦੇਸ਼ਾ, ਸੁਰਿੰਦਰ ਸਿੰਘ ਥਿੰਦ, ਡਾ. ਮਲਕੀਤ ਸਿੰਘ ਕਿੰਗਰਾ, ਪ੍ਰਿੰਸੀਪਲ ਬਲਵਿੰਦਰ ਸਿੰਘ, ਹਰਮਨ ਸਿੰਘ ਗਿੱਲ, ਦਲਜੀਤ ਸਿੰਘ ਗਰੇਵਾਲ, ਡਾ. ਅਰਜਨ ਸਿੰਘ ਜੋਸਨ, ਗੁਰਪ੍ਰੀਤ ਸਿੰਘ ਖਾਨਖਾਨਾ, ਉਦੇਦੀਪ ਸਿੰਘ ਸਿੱਧੂ, ਪਰਮਜੀਤ ਸਿੰਘ ਧਾਲੀਵਾਲ, ਗੁਰਨਾਮ ਸਿੰਘ ਬਿੰਜਲ, ਮਾਸਟਰ ਸ਼ਮਸ਼ੇਰ ਸਿੰਘ, ਰਾਜ ਮੇਗਾ, ਜਗਰੂਪ ਸਿੰਘ ਧਾਲੀਵਾਲ, ਹਰਨੇਕ ਸਿੰਘ ਲੋਹਗੜ, ਸੁੱਖੀ ਹੇਅਰ, ਬਲਵਿੰਦਰ ਸਿੰਘ ਮੰਡੇਰ, ਅਮੋਲਕ ਸਿੰਘ ਸਿੱਧੂ, ਮੇਜਰ ਸਿੰਘ ਸੇਖੋਂ, ਸੁਖਪਾਲ ਸਿੰਘ ਧਾਲੀਵਾਲ, ਜਸਪਾਲ ਸਿੰਘ ਧਾਲੀਵਾਲ, ਮਨਵੀਰ ਸਿੰਘ ਭੁਲਰ, ਗੁਰਬਖਸ਼ ਸਿੰਘ ਸਿੱਧੂ, ਸ਼ੇਰ ਸਿੰਘ ਘਣਗੱਸ, ਹੈਰੀ ਢੇਸੀ, ਦਵਿੰਦਰ ਸਿੰਘ ਗਰੇਵਾਲ, ਬਹਾਦਰ ਸਿੰਘ ਭੰਗਲ, ਕਮਲਜੀਤ ਕੌਰ ਭੰਗਲ, ਪਵਿੰਦਰਜੀਤ ਸਿੰਘ ਮਾਨ, ਇੰਦਰਜੀਤ ਸਿੰਘ ਬਰਾੜ, ਰਾਜ ਅਲੀ, ਅੰਗਰੇਜ਼ ਸਿੰਘ।

**ਸੂਪਰਸਤ: ਜਸਵੰਤ ਸਿੰਘ ਮਾਨ, ਕਰਮ ਸਿੰਘ ਮਾਨ**

**ਵਿਸ਼ੇਸ਼ ਧੰਨਵਾਦ:**
ਰੇਡੀਓ 900 ਏ.ਐੱਮ. ਦੇ ਸਾਰੇ ਪੰਜਾਬੀ ਹੋਸਟ, ਪੰਜਾਬੀ ਰੇਡੀਓ ਯੂ.ਐੱਸ.ਏ., ਰੇਡੀਓ 620 ਏ.ਐੱਮ ਰੇਡੀਓ ਐਫ.ਐੱਮ 94.3, ਸਾਰੇ ਪੰਜਾਬੀ ਅਖਬਾਰ, ਜੀ.ਐੱਚ. ਜੀ ਸੰਗੀਤ ਐਂਡ ਡਾਂਸ ਅਕੈਡਮੀ।

**ਹੋਰ ਜਾਣਕਾਰੀ ਲਈ ਸੰਪਰਕ**
ਨਵਦੀਪ ਸਿੰਘ ਧਾਲੀਵਾਲ ਪ੍ਰਧਾਨ ................ (559) 287-0822
ਹਰਜਿੰਦਰ ਸਿੰਘ ਢੇਸੀ ਸੈਕਟਰੀ ................ (559) 618-0156
ਗੁਰਮੀਤ ਸਿੰਘ ਗਿੱਲ ................ (805) 215-0681
ਗੁਰਮੀਤ ਸਿੰਘ ਗਾਜੀਆਣਾ ................ (559) 801-8200

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵਿੱਚ ਭਾਰਤੀ ਰੀਅਲ ਅਸਟੇਟ ਵਿੱਚ **$13 ਬਿਲੀਅਨ** ਲਗਾਏ—ਕਿਉਂਕਿ ਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦਿੰਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵਿੱਚ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਆਿਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਰਿਾਇਆ + 7-9% ਵਾਧਾ | ਨਯਿਮਤਿ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਰਿਾਇਆ + 6-8% ਵਾਧਾ | ਸੁਰੱਖਅਿਤ ਨਵਿੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

## 147 NRI ਪਰਵਿਾਰਾਂ ਦਾ ਭਰੋਸਾ - Realty Unplugged

ਸਾਡੇ ਸਫਲਤਾ ਦੇ ਕਿੱਸੇ:

**2017 ਗੁੜਗਾਂਵ:** 7 ਸਾਲਾਂ ਵਿੱਚ 3 ਗੁਣਾ ਮੁਨਾਫ਼ਾ

**2020 ਚੰਡੀਗੜ੍ਹ:** 4 ਸਾਲਾਂ ਵਿੱਚ ਦੁੱਗਣਾ ਵਾਧਾ

**2022 ਪੁਣੇ:** 2 ਸਾਲਾਂ ਵਿੱਚ 58% ਵਾਧਾ

ਆਪਣੇ ਭਵਿੱਖ ਨੂੰ ਸੁਰੱਖਿਅਤ ਕਰੋ - ਅੱਜ ਹੀ!
Call : +91 73038-88722
Subhiney Chabra : +91 97802-06080

Let's Start!

ਤੁਸੀ ਅਮਰੀਕਾ ਵਿੱਚ । ਤੁਹਾਡੀ ਜਾਇਦਾਦ ਭਾਰਤ ਵਿੱਚ ।
ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO
ADVERTISEMENTS
We make professional video advertisements for your business in Punjabi, Hindi & English
Video Advertising
Shift
POSTERS
DESIGN
We design flyers, Posters and
Post Cards to promote your business
Positive Vibes
BUSINESS CARD
DESIGN
WE DESIGN YOUR
BUSINESS CARD
COMPANY NAME
COMPANY
SOCIAL MEDIA
HANDLERS
We can manage your Business social media handlers Facebook, instagram & YouTube
24/7 TECH
SUPPORT
We provide 24/7 tech support
24/7
CUSTOMER
SERVICE
For more information call
Boota Singh Basi +1 (209) 303-1260

# ਜੇ 48 ਘੰਟਿਆਂ ਦੇ ਅੰਦਰ ਹੋਰਮੁਜ਼ ਜਲਡਮਰੂ ਨਹੀਂ ਖੋਲ੍ਹਿਆ ਤਾਂ ਈਰਾਨ ਦੇ ਪਾਵਰ ਪਲਾਂਟ 'ਤੇ ਕਰਾਂਗੇ ਹਮਲਾ: ਟਰੰਪ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ



ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ ਨੂੰ ਸਖ਼ਤ ਚੇਤਾਵਨੀ ਦਿੱਤੀ ਹੈ ਕਿ ਜੇਕਰ 48 ਘੰਟਿਆਂ ਦੇ ਅੰਦਰ ਹੋਰਮੁਜ਼ ਜਲਡਮਰੂ ਪੂਰੀ ਤਰ੍ਹਾਂ ਅਤੇ ਸੁਰੱਖਿਅਤ ਢੰਗ ਨਾਲ ਨਹੀਂ ਖੋਲ੍ਹਿਆ ਜਾਂਦਾ, ਤਾਂ ਅਮਰੀਕਾ ਈਰਾਨ ਦੇ ਪਾਵਰ ਪਲਾਂਟਾਂ 'ਤੇ ਹਮਲਾ ਕਰੇਗਾ। ਟਰੰਪ ਨੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ, "ਟਰੂਥ ਸੋਸ਼ਲ," 'ਤੇ ਲਿਖਿਆ, "ਜੇਕਰ ਈਰਾਨ 48 ਘੰਟਿਆਂ ਦੇ ਅੰਦਰ ਹੋਰਮੁਜ਼ ਜਲਡਮਰੂ ਨਹੀਂ ਖੋਲ੍ਹਦਾ, ਤਾਂ ਅਮਰੀਕਾ ਉਨ੍ਹਾਂ ਦੇ ਪਾਵਰ ਪਲਾਂਟਾਂ 'ਤੇ ਵੱਖਰੇ ਤੌਰ 'ਤੇ ਹਮਲਾ ਕਰੇਗਾ ਅਤੇ ਤਬਾਹ ਕਰ ਦੇਵੇਗਾ, ਜਿਸਦੀ ਸ਼ੁਰੂਆਤ ਸਭ ਤੋਂ ਵੱਡੇ ਪਲਾਂਟਾਂ ਤੋਂ ਹੋਵੇਗੀ।" ਹੁਣ ਤੱਕ, ਅਮਰੀਕਾ ਨੇ ਵਿਸ਼ਵ ਅਰਥਵਿਵਸਥਾ 'ਤੇ ਪ੍ਰਭਾਵ ਬਾਰੇ ਚਿੰਤਾਵਾਂ ਕਾਰਨ ਈਰਾਨ ਦੀਆਂ ਊਰਜਾ ਸਹੂਲਤਾਂ ਨੂੰ ਨਿਸ਼ਾਨਾ ਬਣਾਉਣ ਤੋਂ ਪਰਹੇਜ਼ ਕੀਤਾ ਹੈ। ਇਸ ਦੇ ਜਵਾਬ 'ਚ ਈਰਾਨ ਨੇ ਵੀ ਚੇਤਾਵਨੀ ਦਿੱਤੀ ਹੈ ਕਿ ਜੇਕਰ ਉਸਦੇ ਪਾਵਰ ਪਲਾਂਟਾਂ ਨੂੰ ਨਿਸ਼ਾਨਾ ਬਣਾਇਆ ਗਿਆ, ਤਾਂ ਉਹ ਮੱਧ ਪੂਰਬ ਵਿੱਚ ਅਮਰੀਕਾ ਅਤੇ ਇਜ਼ਰਾਈਲ ਨਾਲ ਜੁੜੇ ਸਾਰੇ ਊਰਜਾ ਬੁਨਿਆਦੀ ਢਾਂਚੇ 'ਤੇ ਹਮਲਾ ਕਰੇਗਾ। ਈਰਾਨ ਦੇ ਖਾਤਮ ਅਲ-ਅੰਬੀਆ ਸੈਂਟਰਲ ਕਮਾਂਡ ਦੇ ਬੁਲਾਰੇ ਇਬਰਾਹਿਮ ਜ਼ੁਲਫਾਘਾਰੀ ਨੇ ਕਿਹਾ ਕਿ ਈਰਾਨ ਅਮਰੀਕਾ ਅਤੇ ਇਜ਼ਰਾਈਲ ਨਾਲ ਜੁੜੇ ਡੀਸੈਲੀਨੇਸ਼ਨ ਪਲਾਂਟਾਂ (ਸਮੁੰਦਰੀ ਪਾਣੀ ਨੂੰ ਮਿੱਠਾ ਬਣਾਉਣ ਵਾਲਾ ਪਲਾਂਟ) ਅਤੇ ਆਈਟੀ ਬੁਨਿਆਦੀ ਢਾਂਚੇ 'ਤੇ ਵੀ ਹਮਲਾ ਕਰੇਗਾ।

# ਸੁਖਬੀਰ ਬਾਦਲ ਨੇ ਇੱਕ ਹੋਰ ਹਲਕੇ ਤੋਂ ਉਮੀਦਵਾਰ ਐਲਾਨਿਆ!

ਕੋਟਕਪੂਰਾ
ਸਾਂਝੀ ਸੋਚ ਬਿਊਰੋ



ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕੋਟਕਪੂਰਾ ਵਿਖੇ ਦਾਣਾ ਮੰਡੀ 'ਚ ਕੀਤੀ ਗਈ 'ਪੰਜਾਬ ਬਚਾਓ ਰੈਲੀ' ਦੌਰਾਨ ਇਸ਼ਾਰਿਆਂ-ਇਸ਼ਾਰਿਆਂ 'ਚ ਬੋਲਦੇ ਕਿਹਾ ਕਿ ਮਨਤਾਰ ਸਿੰਘ ਬਰਾੜ ਨੂੰ ਜਿਤਾ ਦਿਓ। ਮਨਤਾਰ ਸਿੰਘ ਬਰਾੜ ਮੇਰੇ ਭਰਾਵਾਂ ਵਰਗੇ ਹਨ, ਮੈਂ ਇਸ ਨੂੰ ਕਿਸੇ ਚੀਜ਼ ਲਈ ਨਾਂਹ ਨਹੀਂ ਕਰ ਸਕਦਾ। ਮਨਤਾਰ ਸਿੰਘ ਬਰਾੜ ਬੇਹੱਦ ਈਮਾਨਦਾਰ ਅਤੇ ਹਿੰਮਤ ਵਾਲੇ ਇਨਸਾਨ ਹਨ। ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਇਹ ਹੁਣ ਤੁਹਾਡੇ 'ਤੇ ਹੈ, ਜੇਕਰ ਤੁਸੀਂ ਆਪਣੇ ਹਲਕੇ ਨੂੰ ਵਧੀਆ ਬਣਾਉਣਾ ਹੈ ਤਾਂ ਮਨਤਾਰ ਨੂੰ ਜਿਤਾ ਦਿਓ, ਹਲਕੇ ਦੇ ਵਿਕਾਸ ਪੱਖੋਂ ਪੂਰਾ ਨਜ਼ਾਰਾ ਲਿਆ ਦੇਵਾਂਗੇ। ਫਿਰ ਵੇਖਿਓ ਕਿਵੇਂ ਪੰਜਾਬ ਅੱਗੇ ਵਧਦਾ ਹੈ। ਉਥੇ ਹੀ ਸੁਖਬੀਰ ਬਾਦਲ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤੰਜ ਕੱਸਦੇ ਹੋਏ ਕਿਹਾ ਕਿ ਉਹ ਸੂਬਾ ਹੀ ਤਰੱਕੀ ਕਰਦਾ ਹੈ, ਜਿੱਥੇ ਡਰ ਦਾ ਮਾਹੌਲ ਨਾ ਹੋਵੇ ਪਰ ਅੱਜ ਪੰਜਾਬ 'ਚ ਹਰ ਪਾਸੇ ਡਰ ਦਾ ਮਾਹੌਲ ਬਣ ਗਿਆ ਹੈ। ਗੈਂਗਸਟਰਵਾਦ ਵਧਿਆ ਹੈ। ਫਿਰੌਤੀ ਦੀਆਂ ਕਾਲਾਂ ਆ ਰਹੀਆਂ ਹਨ। ਆਪਣੀ ਸਰਕਾਰ ਵੇਲੇ ਦੇ ਕੰਮਾਂ ਦਾ ਜ਼ਿਕਰ ਕਰਦੇ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਜੋ ਕੁਝ ਵੀ ਅੱਜ ਪੰਜਾਬ 'ਚ ਬਣਿਆ ਹੋਇਆ ਹੈ, ਉਹ ਸਰਦਾਰ ਪ੍ਰਕਾਸ਼ ਸਿੰਘ ਬਾਦਲ ਵੱਲੋਂ ਹੀ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਆਉਣ 'ਤੇ ਬੰਦ ਕੀਤੀਆਂ ਗਈਆਂ ਸਾਰੀਆਂ ਸਕੀਮਾਂ ਮੁੜ ਤੋਂ ਚਾਲੂ ਕੀਤੀਆਂ ਜਾਣਗੀਆਂ।

# ਸੁਡਾਨ ਵਿੱਚ ਹਸਪਤਾਲ 'ਤੇ ਭਿਆਨਕ ਹਮਲਾ, 64 ਮੌਤਾਂ

ਸੁਡਾਨ
ਸਾਂਝੀ ਸੋਚ ਬਿਊਰੋ



ਸੁਡਾਨ ਤੋਂ ਇੱਕ ਵੱਡੀ ਅਤੇ ਮੰਦਭਾਗੀ ਖ਼ਬਰ ਸਾਹਮਣੇ ਆ ਰਹੀ ਹੈ। ਵਿਸ਼ਵ ਸਿਹਤ ਸੰਗਠਨ ਨੇ ਸੁਡਾਨ ਦੇ ਇੱਕ ਵੱਡੇ ਹਸਪਤਾਲ 'ਤੇ ਹਮਲੇ ਦੀ ਪੁਸ਼ਟੀ ਕੀਤੀ ਹੈ। WHO ਦੇ ਡਾਇਰੈਕਟਰ-ਜਨਰਲ ਟੇਡਰੋਸ ਅਡਾਨੋਮ ਘੇਬਰੇਅਸਸ ਨੇ ਕਿਹਾ ਕਿ ਹਮਲੇ ਨੇ ਸੁਡਾਨ ਦੇ ਪੂਰਬੀ ਦਾਰਫੂਰ ਖੇਤਰ ਦੀ ਰਾਜਧਾਨੀ ਅਲ ਡਾਇਨ ਵਿੱਚ ਅਲ ਡਾਇਨ ਟੀਚਿੰਗ ਹਸਪਤਾਲ ਨੂੰ ਨਿਸ਼ਾਨਾ ਬਣਾਇਆ। ਹਮਲੇ ਵਿੱਚ ਘੱਟੋ-ਘੱਟ 64 ਲੋਕ ਮਾਰੇ ਗਏ। ਮ੍ਰਿਤਕਾਂ ਵਿੱਚ 13 ਬੱਚੇ, ਦੋ ਮਹਿਲਾ ਨਰਸਾਂ, ਇੱਕ ਪੁਰਸ਼ ਡਾਕਟਰ ਅਤੇ ਕਈ ਮਰੀਜ਼ ਸ਼ਾਮਲ ਹਨ।

ਉਨ੍ਹਾਂ ਅੱਗੇ ਕਿਹਾ ਕਿ ਇਸ ਤਾਜ਼ਾ ਹਮਲੇ ਵਿੱਚ 89 ਲੋਕ ਜ਼ਖਮੀ ਹੋਏ ਹਨ। ਹਮਲੇ ਨੇ ਹਸਪਤਾਲ ਦੇ ਬਾਲ, ਪ੍ਰਸੂਤੀ ਅਤੇ ਐਮਰਜੈਂਸੀ ਵਿਭਾਗਾਂ ਨੂੰ ਵੀ ਨੁਕਸਾਨ ਪਹੁੰਚਾਇਆ। ਘੇਬਰੇਅਸਸ ਨੇ ਇਹ ਜਾਣਕਾਰੀ ਐਕਸ-ਪੋਸਟ ਨਾਲ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਇਸ ਘਟਨਾ ਦੇ ਨਤੀਜੇ ਵਜੋਂ, ਸੁਡਾਨ ਵਿੱਚ ਯੁੱਧ ਦੌਰਾਨ ਸਿਹਤ ਸਹੂਲਤਾਂ 'ਤੇ ਹਮਲਿਆਂ ਨਾਲ ਜੁੜੀਆਂ ਮੌਤਾਂ ਦੀ ਕੁੱਲ ਗਿਣਤੀ ਹੁਣ 2,000 ਨੂੰ ਪਾਰ ਕਰ ਗਈ ਹੈ।

ਲਗਭਗ ਤਿੰਨ ਸਾਲ ਲੰਬੇ ਸੰਘਰਸ਼ ਦੌਰਾਨ ਸਿਹਤ ਸਹੂਲਤਾਂ 'ਤੇ 213 ਹਮਲਿਆਂ ਵਿੱਚ 2,036 ਲੋਕ ਮਾਰੇ ਗਏ ਹਨ, ਜਿਸ ਵਿੱਚ ਸ਼ੁੱਕਰਵਾਰ ਰਾਤ ਨੂੰ ਅਲ ਡਾਇਨ ਵਿੱਚ ਹਮਲਾ ਵੀ ਸ਼ਾਮਲ ਹੈ। ਇਸ ਯੁੱਧ ਦੌਰਾਨ ਸਿਹਤ ਸੰਭਾਲ ਸਹੂਲਤਾਂ 'ਤੇ ਹੋਏ ਹਮਲਿਆਂ ਵਿੱਚ ਕੁੱਲ ਮਿਲਾ ਕੇ 720 ਤੋਂ ਵੱਧ ਲੋਕ ਜ਼ਖਮੀ ਹੋਏ ਹਨ। ਹਮਲੇ ਕਾਰਨ ਹੋਏ ਵਿਆਪਕ ਨੁਕਸਾਨ ਦੇ ਕਾਰਨ, ਅਲ ਡਾਈਨ ਟੀਚਿੰਗ ਹਸਪਤਾਲ ਇਸ ਸਮੇਂ ਸੇਵਾ ਤੋਂ ਬਾਹਰ ਹੈ, ਜਿਸ ਨਾਲ ਜ਼ਰੂਰੀ ਡਾਕਟਰੀ ਸੇਵਾਵਾਂ 'ਚ ਬੁਰੀ ਤਰ੍ਹਾਂ ਵਿਘਨ ਪੈ ਰਿਹਾ ਹੈ।

# ਇਜ਼ਰਾਈਲ ਦੇ ਡਿਮੋਨਾ ਅਤੇ ਅਰਾਦ 'ਚ ਈਰਾਨੀ ਹਮਲਿਆਂ ਵਿੱਚ ਲਗਭਗ 200 ਲੋਕ ਜ਼ਖਮੀ

ਡਿਮੋਨਾ
ਸਾਂਝੀ ਸੋਚ ਬਿਊਰੋ



ਇਜ਼ਰਾਈਲ ਦੇ ਡਿਮੋਨਾ ਅਤੇ ਅਰਾਦ ਵਿੱਚ ਈਰਾਨੀ ਹਮਲਿਆਂ ਵਿੱਚ ਲਗਭਗ 200 ਲੋਕ ਜ਼ਖਮੀ ਹੋਏ ਹਨ, ਜਿਨ੍ਹਾਂ ਵਿੱਚੋਂ 11 ਗੰਭੀਰ ਜ਼ਖਮੀ ਹਨ। ਸਥਾਨਕ ਮੀਡੀਆ ਨੇ ਐਤਵਾਰ ਨੂੰ ਰਿਪੋਰਟ ਦਿੱਤੀ। ਹਮਲਿਆਂ ਤੋਂ ਬਾਅਦ, ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਅਤੇ ਇਜ਼ਰਾਈਲ ਰੱਖਿਆ ਬਲਾਂ (ਆਈਡੀਐਫ) ਦੇ ਚੀਫ਼ ਆਫ਼ ਸਟਾਫ ਲੈਫਟੀਨੈਂਟ ਜਨਰਲ ਇਯਾਲ ਜ਼ਮੀਰ ਨੇ ਐਲਾਨ ਕੀਤਾ ਕਿ ਇਜ਼ਰਾਈਲ "ਸਾਰੇ ਮੋਰਚਿਆਂ" 'ਤੇ ਈਰਾਨ ਦੇ ਦੁਸ਼ਮਣਾਂ ਨਾਲ ਲੜਨਾ ਜਾਰੀ ਰੱਖੇਗਾ। ਬਾਅਦ ਵਿੱਚ, ਆਈਡੀਐਫ ਨੇ ਕਿਹਾ ਕਿ ਹਵਾਈ ਸੈਨਾ ਈਰਾਨ ਦੇ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਉਂਦੇ ਹੋਏ ਤਹਿਰਾਨ ਵਿੱਚ ਹਮਲੇ ਕਰ ਰਹੀ ਹੈ। ਦੱਖਣ ਵਿੱਚ ਹਮਲਿਆਂ ਵਿੱਚ ਗੰਭੀਰ ਜ਼ਖਮੀ ਹੋਏ ਲੋਕਾਂ ਵਿੱਚ ਇੱਕ 12 ਸਾਲਾ ਲੜਕਾ ਡਿਮੋਨਾ ਵਿੱਚ ਇੱਕ ਹਮਲੇ ਕਾਰਨ ਸ਼ਰੈਪਨਲ ਸੱਟਾਂ ਤੋਂ ਪੀੜਤ ਸੀ ਅਤੇ ਰਾਨਾਦ ਵਿੱਚ ਬਾਅਦ ਵਿੱਚ ਹੋਏ ਹਮਲੇ ਵਿੱਚ ਇੱਕ ਪੰਜ ਸਾਲਾ ਲੜਕੀ ਸੀ। ਟਾਈਮਜ਼ ਆਫ਼ ਇਜ਼ਰਾਈਲ ਨੇ ਰਿਪੋਰਟ ਦਿੱਤੀ ਕਿ ਸ਼ਨੀਵਾਰ ਨੂੰ ਡਿਮੋਨਾ ਖੇਤਰ 'ਤੇ ਲਗਾਤਾਰ ਈਰਾਨੀ ਹਮਲਿਆਂ ਵਿਚਕਾਰ ਮਿਜ਼ਾਈਲਾਂ ਦਾਗੀਆਂ ਗਈਆਂ। ਬੀਅਰ ਸ਼ੇਬਾ ਦੇ ਸੋਰੋਕਾ ਮੈਡੀਕਲ ਸੈਂਟਰ ਨੇ ਕਿਹਾ ਕਿ ਉਸਨੇ ਅਰਾਦ ਅਤੇ ਡਿਮੋਨਾ 'ਤੇ ਹੋਏ ਹਮਲਿਆਂ ਵਿੱਚ ਜ਼ਖਮੀ ਹੋਏ 175 ਲੋਕਾਂ ਦਾ ਇਲਾਜ ਕੀਤਾ। ਦਿਮੋਨਾ ਹਮਲੇ ਤੋਂ ਗੰਭੀਰ ਹਾਲਤ ਵਿੱਚ ਸੂਚੀਬੱਧ ਲੜਕੇ ਤੋਂ ਇਲਾਵਾ, 30 ਸਾਲਾਂ ਦੀ ਇੱਕ ਔਰਤ ਨੂੰ ਸ਼ੀਸ਼ੇ ਦੇ ਟੁਕੜਿਆਂ ਨਾਲ ਦਰਮਿਆਨੀ ਸੱਟਾਂ ਲੱਗੀਆਂ ਅਤੇ ਸ਼ਹਿਰ ਵਿੱਚ 31 ਹੋਰ ਲੋਕਾਂ ਨੂੰ ਹਲਕੇ ਸੱਟਾਂ ਦਾ ਇਲਾਜ ਕੀਤਾ ਗਿਆ, ਦ ਟਾਈਮਜ਼ ਆਫ਼ ਇਜ਼ਰਾਈਲ ਦੀ ਰਿਪੋਰਟ ਅਨੁਸਾਰ। ਸੱਟਾਂ ਮੁੱਖ ਤੌਰ 'ਤੇ ਛਿੱਲੜਾਂ ਕਾਰਨ ਲੱਗੀਆਂ ਸਨ ਜਾਂ ਆਸਰਾ ਲਈ ਭੱਜਦੇ ਸਮੇਂ ਲੱਗੀਆਂ ਸਨ। ਹੋਰ 14 ਲੋਕ, ਜੋ ਜ਼ਖਮੀ ਹੋਏ ਸਨ, ਨੂੰ ਗੰਭੀਰ ਚਿੰਤਾ ਲਈ ਇਲਾਜ ਦਿੱਤਾ ਗਿਆ। ਐਂਬੂਲੈਂਸ ਸੇਵਾ ਨੇ ਕਸਬੇ ਵਿੱਚ ਇੱਕ ਰਿਹਾਇਸ਼ੀ ਇਮਾਰਤ ਨੂੰ

# ਸਪੀਕਰ ਸੰਧਵਾਂ ਦੀ ਅਗਵਾਈ ਹੇਠ ਵਿਧਾਇਕਾਂ ਦੇ ਵਫ਼ਦ ਵੱਲੋਂ ਸਮਾਣਾ ਟਾਵਰ ਮੋਰਚੇ ਦੀ ਸੰਗਤ ਨਾਲ ਮੁਲਾਕਾਤ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਧਾਇਕਾਂ ਦੇ ਵਫ਼ਦ ਨੂੰ ਨਾਲ ਲੈ ਕੇ ਅੱਜ ਸਮਾਣਾ ਟਾਵਰ ਮੋਰਚੇ ਦੀ ਸੰਗਤ ਨਾਲ ਮੁਲਾਕਾਤ ਕੀਤੀ। ਇਸ ਮੌਕੇ ਸਪੀਕਰ ਸੰਧਵਾਂ ਨੇ ਬਾਬਾ ਬੰਦਾ ਸਿੰਘ ਬਹਾਦਰ ਚੌਂਕ ਵਿਖੇ ਸੰਗਤ ਦੇ ਵਿਸ਼ਾਲ ਇਕੱਠ ਵਿੱਚ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ-2008 ਵਿੱਚ ਸੋਧ ਕਰਨ ਅਤੇ ਸਖ਼ਤ ਕਾਨੂੰਨ ਲਿਆਉਣ ਲਈ 13 ਅਪ੍ਰੈਲ ਨੂੰ ਸੱਦੇ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਵਿੱਚ ਪਾਸ ਕੀਤੇ ਗਏ ਕਾਨੂੰਨ ਦਾ ਖਰੜਾ ਲੈਕੇ ਉਹ 14 ਅਪ੍ਰੈਲ ਨੂੰ ਸਮਾਣਾ ਮੋਰਚੇ ਵਿੱਚ ਪੁੱਜਣਗੇ। ਇਸ ਮੌਕੇ ਉਹ ਖੁਦ ਇਸ ਪਾਸ ਕਾਨੂੰਨ ਦਾ ਖਰੜਾ ਅਕਤੂਬਰ 2024 ਤੋਂ ਟਾਵਰ ਉੱਤੇ ਬੈਠੇ ਭਾਈ ਗੁਰਜੀਤ ਸਿੰਘ ਖ਼ਾਲਸਾ ਨੂੰ ਸੌਂਪਣਗੇ। ਇਸ ਦੌਰਾਨ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਨਾਲ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਤੇ ਮੀਡੀਆ ਇੰਚਾਰਜ ਬਲਤੇਜ ਪੰਨੂ, ਸੰਤ ਸਮਾਜ ਵੱਲੋਂ ਬਾਬਾ ਭੁਪਿੰਦਰ ਸਿੰਘ ਰਾਮਪੁਰ ਖੇੜੇ ਵਾਲੇ, ਵਿਧਾਨ ਸਭਾ ਦੀ ਸਿਲੈਕਟ ਕਮੇਟੀ ਦੇ ਚੇਅਰਮੈਨ ਡਾ. ਇੰਦਰਬੀਰ ਸਿੰਘ ਨਿੱਜਰ, ਚੇਤਨ ਸਿੰਘ ਜੌੜਾਮਾਜਰਾ, ਅਜੀਤਪਾਲ ਸਿੰਘ ਕੋਹਲੀ, ਗੁਰਲਾਲ ਘਨੌਰ, ਨਰਿੰਦਰ ਕੌਰ ਭਰਾਜ, ਗੁਰਦੇਵ ਸਿੰਘ ਦੇਵ ਮਾਨ ਅਤੇ ਕੁਲਵੰਤ ਸਿੰਘ ਬਾਜ਼ੀਗਰ ਵੀ ਮੌਜੂਦ ਸਨ। ਇਸ ਤੋਂ ਪਹਿਲਾਂ ਮੋਰਚੇ ਦੇ ਆਗੂਆਂ ਨਾਲ ਕੀਤੀ ਗਈ ਬੈਠਕ ਵਿੱਚ ਸਮਾਣਾ ਮੋਰਚੇ ਦੇ ਕੋਆਰਡੀਨੇਟਰ ਗੁਰਪ੍ਰੀਤ ਸਿੰਘ, ਅਮਿਤੇਜ ਸਿੰਘ ਮਾਨ, ਪੁਸ਼ਪਿੰਦਰ ਸਿੰਘ ਕਾਕਾ, ਤਲਵਿੰਦਰ ਸਿੰਘ ਔਲਖ, ਅਮਰਜੀਤ ਸਿੰਘ ਮਰਿਆਦਾ ਅਤੇ ਕਾਕਾ ਸਿੰਘ ਕੋਟੜਾ ਸ਼ਾਮਲ ਸਨ। ਇਸ ਦੌਰਾਨ ਟਾਵਰ ਉਤੇ ਬੈਠੇ ਭਾਈ ਗੁਰਜੀਤ ਸਿੰਘ ਖ਼ਾਲਸਾ ਨੇ ਮੋਬਾਇਲ 'ਤੇ ਸਪੀਕਰ ਸੰਧਵਾਂ ਨਾਲ ਗੱਲਬਾਤ ਕਰਦਿਆਂ ਜਿੱਥੇ ਪੰਜਾਬ ਸਰਕਾਰ ਵੱਲੋਂ ਬੇਅਦਬੀ ਵਿਰੋਧੀ ਸਖ਼ਤ ਕਾਨੂੰਨ ਬਣਾਉਣ ਲਈ ਇਹ ਵਿਸ਼ੇਸ਼ ਸੈਸ਼ਨ ਸੱਦਣ 'ਤੇ ਧੰਨਵਾਦ ਕੀਤਾ ਉੱਥੇ ਹੀ ਕਿਹਾ ਕਿ ਉਹ ਇਸ ਕਾਨੂੰਨ ਦੇ ਪਾਸ ਹੋਣ ਤੋਂ ਬਾਅਦ ਟਾਵਰ ਤੋਂ ਹੇਠਾਂ ਉਤਰ ਆਉਣਗੇ। ਸੰਗਤ ਨੂੰ ਸੰਬੋਧਨ ਕਰਦਿਆਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਸ ਗੱਲੋਂ ਪੂਰੀ ਤਰ੍ਹਾਂ ਸੰਜੀਦਾ ਤੇ ਵਚਨਬੱਧ ਹੈ ਕਿ ਪ੍ਰਸਤਾਵਿਤ ਕਾਨੂੰਨ ਵਿੱਚ ਸਖ਼ਤ ਸਜ਼ਾ, ਭਾਰੀ ਜੁਰਮਾਨੇ, ਜਾਇਦਾਦ ਜ਼ਬਤ ਕਰਨ ਅਤੇ ਡਿਜੀਟਲ ਸਮੱਗਰੀ ਰਾਹੀਂ ਕੀਤੇ ਗਏ ਅਪਰਾਧਾਂ ਨੂੰ ਇਸ ਦੇ ਦਾਇਰੇ ਹੇਠ ਲਿਆਉਣ ਦੀ ਵਿਵਸਥਾ ਹੋਵੇਗੀ, ਜਿਸ ਦਾ ਖਰੜਾ ਸੰਤ ਸਮਾਜ ਅਤੇ ਕਾਨੂੰਨੀ ਮਾਹਿਰਾਂ ਨਾਲ ਸਲਾਹ-ਮਸ਼ਵਰਾ ਕਰਕੇ ਤਿਆਰ ਕੀਤਾ ਜਾ ਰਿਹਾ ਹੈ। ਇਸ ਸਬੰਧੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੀਤੇ ਦਿਨ ਹੀ ਸੰਤ ਸਮਾਜ ਨਾਲ ਬੈਠਕ ਕਰਕੇ ਸਰਕਾਰ ਦੀ ਮਨਸ਼ਾ ਤੋਂ ਪੂਰੀ ਸੰਗਤ ਨੂੰ ਜਾਣੂ ਕਰਵਾਇਆ ਹੈ। ਉਨ੍ਹਾਂ ਨੇ 'ਬੇਅਦਬੀ' ਵਿਰੋਧੀ ਇਤਿਹਾਸਕ ਕਾਨੂੰਨ ਲਿਆਉਣ ਲਈ ਸੰਤ ਸਮਾਜ ਦੇ ਸਹਿਯੋਗ ਵਾਸਤੇ ਸੰਤ ਸੇਵਾ ਸਿੰਘ ਰਾਮਪੁਰ ਖੇੜੇ ਵਾਲਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਵੀ ਸੰਤ ਭੁਪਿੰਦਰ ਸਿੰਘ ਰਾਮ ਖੇੜਾ ਵਾਲੇ ਸੰਗਤ ਵਿੱਚ ਸ਼ਾਮਲ ਹੋਣ ਲਈ ਆਏ ਹਨ। ਸਪੀਕਰ ਸੰਧਵਾਂ ਨੇ ਦੁਹਰਾਇਆ ਕਿ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਕੋਈ ਝੂਠਾ ਵਾਅਦਾ ਨਹੀਂ ਕਰਦੀ ਸਗੋਂ ਕੰਮ ਕਰਨ ਵਿੱਚ ਯਕੀਨ ਰੱਖਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬੇਅਦਬੀ ਦੇ ਦੋਸ਼ੀਆਂ ਵਿਰੁੱਧ ਕੋਈ ਲਿਹਾਜ਼ ਨਾ ਵਰਤਣ ਦੇ ਸਟੈਂਡ 'ਤੇ ਜ਼ੋਰ ਦੇ ਰਹੀ ਹੈ।

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ

e-Baba Entertainment App ਨੂੰ Download ਕਰੋ।




ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।

ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।



*In Loving Memory of*



# *Dilbagh Singh Mattu*

12-15-1932 – 3-15-2026

Monday, March 23rd 2026 - 11am

**Ullrey Memorial Chapel**

817 Almond St. • Yuba City, CA 95991

*Followed by Antim Ardaas*

**Live Oak Sikh Temple**

9939 P St. • Live Oak, CA 95953


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

# ਅੰਮ੍ਰਿਤਸਰ ਦੇ ਸੂਫ਼ੀ ਗਾਇਕ ਨਵਦੀਪ ਵਡਾਲੀ ਮੁੰਬਈ ਵਿੱਚ ਲਾਉਣਗੇ ਸੂਫ਼ੀ ਮਹਿਫ਼ਲ

ਅੰਮ੍ਰਿਤਸਰ
ਸਵਿੰਦਰ ਸਿੰਘ



ਪ੍ਰਸਿੱਧ ਸੂਫ਼ੀ ਗਾਇਕ ਨਵਦੀਪ ਵਡਾਲੀ ਨੇ ਆਪਣੀ ਸੁਰੀਲੀ ਆਵਾਜ਼ ਨਾਲ ਦੇਸ਼ ਭਰ ਵਿੱਚ ਖਾਸ ਪਛਾਣ ਬਣਾਈ ਹੈ। ਉਹ 2022-23 ਦੌਰਾਨ ਪ੍ਰਸਾਰਿਤ ਹੋਏ ਮਸ਼ਹੂਰ ਰਿਐਲਟੀ ਸ਼ੋਅ ਇੰਡੀਅਨ ਆਇਡਲ ਸੀਜ਼ਨ 13 ਵਿੱਚ ਭਾਗ ਲੈ ਕੇ ਰਾਸ਼ਟਰੀ ਪੱਧਰ ‘ਤੇ ਮਸ਼ਹੂਰ ਹੋਏ।ਸਾਈਨਾਂ ਪ੍ਰੋਡਕਸ਼ਨਸ ਵੱਲੋਂ ਸੂਫੀ ਸੰਗੀਤ ਦਾ ਖਾਸ ਪ੍ਰੋਗਰਾਮ “ਸ਼ਾਮ ਏ ਵਡਾਲੀ” ਆਯੋਜਿਤ ਕੀਤਾ ਜਾ ਰਿਹਾ ਹੈ, 26 ਅਪ੍ਰੈਲ 2026 ਸਮਾਂ: ਰਾਤ 8:45 ਵਜੇ ਮਾਸਟਰ ਦੀਨਾਨਾਥ ਮੰਗੇਸ਼ਕਰ ਨਾਟਯਗ੍ਰਹਿ, ਵਿਲੇ ਪਾਰਲੇ ਈਸਟ ਜਿਸ ਵਿੱਚ ਨਵਦੀਪ ਵਡਾਲੀ ਆਪਣੀ ਰੂਹਾਨੀ ਗਾਇਕੀ ਨਾਲ ਦਰਸ਼ਕਾਂ ਨੂੰ ਮੋਹ ਲੈਣਗੇ। ਇਸ ਮੌਕੇ ਤੇ ਪ੍ਰੋਗਰਾਮ ਦੇ ਆਯੋਜਿਕ ਸਲੀਮ ਸ਼ੇਖ ਨੇ ਗੱਲਬਾਤ ਦੇ ਦੌਰਾਨ ਦੱਸਿਆਂ ਕਿ ਲਨਵਦੀਪ ਵਡਾਲੀ ਮਹਾਨ ਸੂਫੀ ਗਾਇਕ ਪੂਰਨ ਚੰਦ ਵਡਾਲੀ ਦੇ ਪੋਤੇ ਹਨ, ਜੋ ਦੁਨੀਆ ਪ੍ਰਸਿੱਧ ਵਡਾਲੀ ਬ੍ਰਦਰਜ਼ ਵਿੱਚੋਂ ਇੱਕ ਸਨ। ਉਨ੍ਹਾਂ ਨੇ ਆਪਣੇ ਪਰਿਵਾਰ ਦੀ ਸੰਗੀਤਕ ਵਿਰਾਸਤ ਨੂੰ ਅੱਗੇ ਵਧਾਉਂਦੇ ਹੋਏ ਜੱਜਾਂ ਅਤੇ ਦਰਸ਼ਕਾਂ ਤੋਂ ਕਾਫੀ ਸਰਾਹਨਾ ਹਾਸਲ ਕੀਤੀ।ਸ਼ੋਅ ਦੌਰਾਨ ਉਨ੍ਹਾਂ ਨੇ 'ਛੱਹੀਆਂ ਛੱਈਆਂ', 'ਸਾਂਸੋਂ ਕੀ ਮਾਲਾ' ਅਤੇ 'ਪਿਆ ਰੇ' ਵਰਗੇ ਗੀਤਾਂ ਦੀਆਂ ਰੂਹਾਨੀ ਪ੍ਰਸਤੁਤੀਆਂ ਨਾਲ ਸਭ ਦਾ ਦਿਲ ਜਿੱਤ ਲਿਆ। ਉਨ੍ਹਾਂ ਦੀ ਗਾਇਕੀ ਨੂੰ ਜੱਜਾਂ ਹਿਮੇਸ਼ ਰੇਸ਼ਮਮੀਆਂ , ਨੇਹਾ ਕੱਕੜ ਅਤੇ ਵਿਸ਼ਾਲ ਡਡਲਾਨੀ ਵੱਲੋਂ ਵੀ ਖਾਸ ਤੌਰ ‘ਤੇ ਸਰਾਹਿਆ ਗਿਆ। ਹਾਲਾਂਕਿ ਮੁਕਾਬਲੇ ਦੌਰਾਨ ਉਹ 8ਵੇਂ ਸਥਾਨ ‘ਤੇ ਰਹਿੰਦੇ ਹੋਏ ਬਾਹਰ ਹੋ ਗਏ, ਜਦਕਿ ਇਸ ਸੀਜ਼ਨ ਦੇ ਜੇਤੂ ਰਿਸ਼ੀ ਸਿੰਘ ਰਹੇ।ਨਵਦੀਪ ਵਡਾਲੀ ਦੀ ਇਹ ਸਫਲ ਯਾਤਰਾ ਦਰਸਾਉਂਦੀ ਹੈ ਕਿ ਉਹ ਭਵਿੱਖ ਵਿੱਚ ਸੂਫੀ ਸੰਗੀਤ ਦੇ ਖੇਤਰ ਵਿੱਚ ਹੋਰ ਵੱਡੀਆਂ ਉਚਾਈਆਂ ਛੂਹ ਸਕਦੇ ਹਨ।

# ਪ੍ਰਮੁੱਖ ਜ਼ਿਲ੍ਹਿਆਂ ਤੋਂ ਓ.ਟੀ.ਐਸ. ਸਕੀਮ ਤਹਿਤ 111.16 ਕਰੋੜ ਰੁਪਏ ਦੀ ਪ੍ਰਾਪਤੀ ਨਾਲ ਭਗਵੰਤ ਮਾਨ ਸਰਕਾਰ ਵਿੱਚ ਕਾਰੋਬਾਰੀਆਂ ਦਾ ਭਰੋਸਾ ਹੋਇਆ ਪ੍ਰਤੱਖ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਕਿਹਾ ਕਿ ਵੈਟ ਬਕਾਏ ਲਈ ਯਕਮੁਸ਼ਤ ਨਿਪਟਾਰਾ (ਓ.ਟੀ.ਐਸ.) ਸਕੀਮ ਨੂੰ ਭਾਰੀ ਹੁੰਗਾਰਾ ਮਿਲਿਆ ਹੈ, ਜਿਸ ਤਹਿਤ ਲਗਭਗ 298.39 ਕਰੋੜ ਰੁਪਏ ਦੇ ਬਕਾਏ ਵਾਲੀਆਂ 7,845 ਅਰਜ਼ੀਆਂ ਪ੍ਰਾਪਤ ਹੋਈਆਂ ਹਨ ਅਤੇ 111.16 ਕਰੋੜ ਪ੍ਰਾਪਤ ਕੀਤੇ ਜਾ ਚੁੱਕੇ ਹਨ। ਪੁਰਾਣੇ ਟੈਕਸ ਬੋਝ ਨੂੰ ਖਤਮ ਕਰਨ ਦੇ ਨਾਲ-ਨਾਲ ਮਾਲੀਏ ਨੂੰ ਹੁਲਾਰਾ ਦੇਣ ਲਈ ਇਸ ਨੂੰ ਇੱਕ ਫੈਸਲਾਕੁੰਨ ਕਦਮ ਦੱਸਦਿਆਂ, ਵਿੱਤ ਮੰਤਰੀ ਨੇ ਚੇਤਾਵਨੀ ਦਿੱਤੀ ਕਿ ਇਸ ਰਾਹਤ ਦੀ ਸਮਾਂ ਸੀਮਾ 31 ਮਾਰਚ ਤੱਕ ਹੈ, ਜਿਸ ਤੋਂ ਬਾਅਦ ਸਰਕਾਰ ਸਖ਼ਤ ਵਸੂਲੀ ਦੇ ਮੋਡ ਵਿੱਚ ਆ ਜਾਵੇਗੀ, ਅਤੇ ਇਸ ਕਾਰਵਾਈ ਲਈ ਲਗਭਗ 8,000 ਜਾਇਦਾਦਾਂ ਦੀ ਪਹਿਲਾਂ ਹੀ ਪਛਾਣ ਕੀਤੀ ਜਾ ਚੁੱਕੀ ਹੈ।ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, “ਇਸ ਸਕੀਮ ਨਾਲ ਪਹਿਲਾਂ ਹੀ ਕੁੱਲ 111.16 ਕਰੋੜ ਰੁਪਏ ਦੀ ਪ੍ਰਾਪਤੀ ਹੋ ਚੁੱਕੀ ਹੈ। ਲੁਧਿਆਣਾ, ਅੰਮ੍ਰਿਤਸਰ, ਜਲੰਧਰ, ਪਟਿਆਲਾ ਅਤੇ ਰੋਪੜ ਡਿਵੀਜ਼ਨਾਂ ਦੀ ਸਰਗਰਮ ਸ਼ਮੂਲੀਅਤ ਸ਼ਲਾਘਾਯੋਗ ਹੈ। ਇਨ੍ਹਾਂ ਪ੍ਰਮੁੱਖ ਜ਼ਿਲ੍ਹਿਆਂ ਤੋਂ ਮਿਲਿਆ ਭਰਵਾਂ ਹੁੰਗਾਰਾ ਸਕੀਮ ਦੇ ਵੱਡੇ ਵਿੱਤੀ ਲਾਭਾਂ ਬਾਰੇ ਵੱਧ ਰਹੀ ਜਾਗਰੂਕਤਾ ਨੂੰ ਦਰਸਾਉਂਦਾ ਹੈ।”ਇੱਕ ਜ਼ੋਰਦਾਰ ਅਪੀਲ ਜਾਰੀ ਕਰਦਿਆਂ ਉਨ੍ਹਾਂ ਕਿਹਾ, “ਕਿਉਂਕਿ ਇਹ ਸਕੀਮ 31 ਮਾਰਚ, 2026 ਨੂੰ ਆਪਣੇ ਅੰਤਿਮ ਪੜਾਅ 'ਤੇ ਪਹੁੰਚ ਰਹੀ ਹੈ, ਇਸ ਲਈ ਸਾਰੇ ਯੋਗ ਟੈਕਸਦਾਤਾਵਾਂ ਨੂੰ ਅੱਗੇ ਆਉਣਾ ਚਾਹੀਦਾ ਹੈ ਅਤੇ ਸੂਬੇ ਦੇ ਵਿਕਾਸ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਕਾਰੋਬਾਰੀਆਂ ਨੂੰ ਓ.ਟੀ.ਐਸ. ਖਿੜਕੀ ਪੱਕੇ ਤੌਰ 'ਤੇ ਬੰਦ ਹੋਣ ਤੋਂ ਪਹਿਲਾਂ ਲੰਬਿਤ ਵੈਟ ਬਕਾਏ ਹੱਲ ਕਰਨ ਅਤੇ ਸੂਬੇ ਦੇ ਟੈਕਸ ਢਾਂਚੇ ਨਾਲ ਸਹਿਜੇ ਹੀ ਜੁੜਨ ਦੇ ਇਸ ਆਖਰੀ ਮੌਕੇ ਨੂੰ ਨਹੀਂ ਗੁਆਉਣਾ ਚਾਹੀਦਾ। ਇਸ ਸਕੀਮ ਤਹਿਤ ਦਿੱਤੀ ਗਈ ਬੇਮਿਸਾਲ ਨਰਮੀ ਅਤੇ ਵੱਡੀਆਂ ਛੋਟਾਂ ਪੂਰੀ ਤਰ੍ਹਾਂ ਸਮਾਂਬੱਧ ਹਨ।”ਟੈਕਸਦਾਤਾਵਾਂ ਨੂੰ ਇਸ ਆਖਰੀ ਮੌਕੇ ਦਾ ਲਾਭ ਉਠਾਉਣ ਲਈ ਉਤਸ਼ਾਹਿਤ ਕਰਦਿਆਂ, ਵਿੱਤ ਮੰਤਰੀ ਨੇ ਸੁਚੇਤ ਕੀਤਾ, "ਸਮਾਂ ਸੀਮਾ ਖਤਮ ਹੋਣ ਤੋਂ ਬਾਅਦ ਸੂਬਾ ਸਰਕਾਰ ਦਾ ਮੌਜੂਦਾ ਸਹੂਲਤਾਂ ਅਤੇ ਛੋਟਾਂ ਵਾਲਾ ਰਵੱਈਆ ਕੁਦਰਤੀ ਤੌਰ 'ਤੇ ਸਖ਼ਤ ਕਾਨੂੰਨੀ ਪਾਲਣਾ ਅਤੇ ਬਿਨਾਂ ਸਮਝੌਤੇ ਵਾਲੇ ਵਸੂਲੀ ਪ੍ਰੋਟੋਕੋਲ ਵਿੱਚ ਬਦਲ ਜਾਵੇਗਾ, ਜਿਸ ਨਾਲ ਨਿਪਟਾਰੇ ਵਾਲੇ ਰਹਿ ਗਏ ਪੁਰਾਣੇ ਖਾਤੇ ਬਿਨਾਂ ਕਿਸੇ ਛੋਟ ਦੇ ਆਮ ਕਾਨੂੰਨੀ ਜਾਂਚ ਦੇ ਘੇਰੇ ਵਿੱਚ ਆ ਜਾਣਗੇ।"ਵਿੱਤ ਮੰਤਰੀ ਨੇ ਅੱਗੇ ਕਿਹਾ ਕਿ 31 ਮਾਰਚ 2026 ਤੋਂ ਬਾਅਦ, ਜਿਨ੍ਹਾਂ ਮਾਮਲਿਆਂ ਵਿੱਚ ਬਕਾਏ ਅਦਾ ਨਹੀਂ ਕੀਤੇ ਗਏ ਹਨ, ਉਨ੍ਹਾਂ ਵਿੱਚ ਕਾਨੂੰਨ ਦੀਆਂ ਵਿਵਸਥਾਵਾਂ ਅਨੁਸਾਰ ਵਸੂਲੀ ਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਤਿਆਰੀ ਦੇ ਹਿੱਸੇ ਵਜੋਂ, ਜਿੱਥੇ ਵੀ ਜ਼ਰੂਰੀ ਹੋਵੇ, ਲੋੜੀਂਦੀ ਕਾਰਵਾਈ ਲਈ ਲਗਭਗ 8,000 ਜਾਇਦਾਦਾਂ ਦੀ ਪਹਿਲਾਂ ਹੀ ਪਛਾਣ ਕੀਤੀ ਜਾ ਚੁੱਕੀ ਹੈ।ਇਸ ਉਪਰਾਲੇ ਪਿੱਛੇ ਮੁੱਖ ਉਦੇਸ਼ 'ਤੇ ਜ਼ੋਰ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਓ.ਟੀ.ਐੱਸ. ਸਕੀਮ ਨੂੰ ਮਿਲਿਆ ਭਰਵਾਂ ਹੁੰਗਾਰਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਪਾਰਦਰਸ਼ੀ ਅਤੇ ਵਪਾਰ-ਪੱਖੀ ਨੀਤੀਆਂ ਵਿੱਚ ਕਰਦਾਤਾਵਾਂ ਦੇ ਭਰੋਸੇ ਨੂੰ ਦਰਸਾਉਂਦਾ ਹੈ।

# ਲਿਪੁਲੇਖ ਪਾਸ ਰਾਹੀਂ ਭਾਰਤ-ਚੀਨ ਸਰਹੱਦੀ ਵਪਾਰ ਮੁੜ ਹੋਵੇਗਾ ਸ਼ੁਰੂ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ



22 ਮਾਰਚ ਨੂੰ, ਭਾਰਤ ਸਰਕਾਰ ਨੇ ਉੱਤਰਾਖੰਡ ਵਿੱਚ ਲਿਪੁਲੇਖ ਪਾਸ ਨੂੰ ਦੁਬਾਰਾ ਖੋਲ੍ਹਣ ਦੀ ਮਨਜ਼ੂਰੀ ਦੇ ਦਿੱਤੀ, ਜਿਸਦੀ ਵਰਤੋਂ ਭਾਰਤ ਅਤੇ ਚੀਨ ਵਿਚਕਾਰ ਵਪਾਰ ਲਈ ਕੀਤੀ ਜਾਂਦੀ ਹੈ। ਵਿਦੇਸ਼ ਮੰਤਰਾਲੇ ਦੇ ਸਕੱਤਰ ਵਿਕਰਮ ਮਿਸਰੀ ਨੇ ਉੱਤਰਾਖੰਡ ਦੇ ਮੁੱਖ ਸਕੱਤਰ ਆਨੰਦ ਵਰਧਨ ਨੂੰ ਇੱਕ ਅਧਿਕਾਰਤ ਐਨਓਸੀ ਜਾਰੀ ਕੀਤਾ, ਜਿਸ ਨਾਲ ਲਿਪੁਲੇਖ ਦੱਰੇ ਰਾਹੀਂ ਵਪਾਰ ਸੰਚਾਲਨ ਨੂੰ ਪ੍ਰਵਾਨਗੀ ਦਿੱਤੀ ਗਈ।ਭਾਰਤ ਅਤੇ ਚੀਨ ਵਿਚਕਾਰ ਸਰਹੱਦੀ ਵਪਾਰ ਛੇ ਸਾਲਾਂ ਦੇ ਅੰਤਰਾਲ ਤੋਂ ਬਾਅਦ ਮੁੜ ਸ਼ੁਰੂ ਹੋਣ ਲਈ ਤਿਆਰ ਹੈ। ਲਿਪੁਲੇਖ ਦੱਰਾ ਇਸ ਸਾਲ ਜੂਨ-ਸਤੰਬਰ ਵਪਾਰ ਸੀਜ਼ਨ ਲਈ ਖੋਲ੍ਹਿਆ ਜਾਵੇਗਾ। ਲਿਪੁਲੇਖ ਦੱਰਾ ਕੋਵਿਡ-19 ਮਹਾਂਮਾਰੀ ਦੀ ਸ਼ੁਰੂਆਤ ਅਤੇ 2020 ਵਿੱਚ ਗਲਵਾਨ ਘਾਟੀ (ਲਦਾਖ) ਵਿੱਚ ਹੋਈਆਂ ਹਿੰਸਕ ਝੜਪਾਂ ਤੋਂ ਬਾਅਦ ਬੰਦ ਰਿਹਾ। ਲਿਪੁਲੇਖ ਦੱਰਾ ਰਾਹੀਂ ਵਪਾਰ ਦੀ ਸਹੂਲਤ ਲਈ, ਕਸਟਮ ਵਿਭਾਗ ਅਤੇ ਧਾਰਚੁਲਾ ਪ੍ਰਸ਼ਾਸਨ ਵਪਾਰੀਆਂ ਲਈ ਵਿਸ਼ੇਸ਼ ਵਪਾਰ ਪਾਸ ਜਾਰੀ ਕਰਨਗੇ।

ਵਪਾਰ ਪਾਸਾਂ ਤੋਂ ਇਲਾਵਾ, ਟਰਾਂਜ਼ਿਟ ਕੈਂਪਾਂ ਦੀ ਸਥਾਪਨਾ ਦੇ ਨਾਲ-ਨਾਲ ਵਪਾਰੀਆਂ ਲਈ ਬੈਂਕਿੰਗ ਸੇਵਾਵਾਂ, ਸੰਚਾਰ ਸਹੂਲਤਾਂ, ਡਾਕਟਰੀ ਸੇਵਾਵਾਂ ਅਤੇ ਸੁਰੱਖਿਆ ਲਈ ਪ੍ਰਬੰਧ ਕੀਤੇ ਜਾਣਗੇ।1962 ਦੇ ਭਾਰਤ-ਚੀਨ ਯੁੱਧ ਤੋਂ ਬਾਅਦ, ਲਿਪੁਲੇਖ ਦੱਰੇ ਰਾਹੀਂ ਵਪਾਰ ਅਤੇ ਨਾਲ ਹੀ ਕੈਲਾਸ਼ ਮਾਨਸਰੋਵਰ ਯਾਤਰਾ ਪਹਿਲੀ ਵਾਰ ਪੂਰੀ ਤਰ੍ਹਾਂ ਮੁਅੱਤਲ ਕਰ ਦਿੱਤਾ ਗਿਆ ਸੀ।

ਭਾਰਤ ਅਤੇ ਚੀਨ ਵਿਚਕਾਰ ਹੋਏ ਇੱਕ ਸਮਝੌਤੇ ਦੇ ਤਹਿਤ 1991-92 ਵਿੱਚ ਸਰਹੱਦੀ ਵਪਾਰ ਨੂੰ ਫਿਰ ਤੋਂ ਸ਼ੁਰੂ ਕੀਤਾ ਗਿਆ ਸੀ। ਉਦੋਂ ਤੋਂ, ਵਪਾਰਕ ਕਾਰਜ ਆਮ ਤੌਰ ‘ਤੇ ਜੂਨ ਤੋਂ ਸਤੰਬਰ ਤੱਕ ਹਰ ਸਾਲ ਹੁੰਦੇ ਰਹੇ ਹਨ। ਹੁਣ ਤੱਕ, ਲਿਪੁਲੇਖ ਦੱਰੇ ਰਾਹੀਂ ਵਪਾਰ ‘ਬਾਰਟਰ’ ਆਧਾਰ ‘ਤੇ ਕੀਤਾ ਜਾਂਦਾ ਸੀ ਯਾਨੀ ਕਿ ਵਸਤੂਆਂ ਦੇ ਬਦਲੇ ਵਸਤੂਆਂ ਦੇ ਆਦਾਨ-ਪ੍ਰਦਾਨ ਰਾਹੀਂ।

ਅਗਸਤ 2025 ਵਿੱਚ, ਚੀਨੀ ਵਿਦੇਸ਼ ਮੰਤਰੀ ਵਾਂਗ ਯੀ ਦੀ ਭਾਰਤ ਫੇਰੀ ਦੌਰਾਨ, ਭਾਰਤ ਅਤੇ ਚੀਨ ਨੇ ਰੁਪਏ ਅਤੇ ਯੁਆਨ ਦੀ ਵਰਤੋਂ ਕਰਕੇ ਵਪਾਰ ਕਰਨ ਦਾ ਫੈਸਲਾ ਕੀਤਾ।ਅਗਸਤ 2025 ਵਿੱਚ, ਇੱਕ ਉੱਚ-ਪੱਧਰੀ ਮੀਟਿੰਗ ਦੌਰਾਨ, ਭਾਰਤ ਦੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਅਤੇ ਚੀਨੀ ਵਿਦੇਸ਼ ਮੰਤਰੀ ਵਾਂਗ ਯੀ ਨੇ ਲਿਪੁਲੇਖ ਦੱਰੇ ਨੂੰ ਦੁਬਾਰਾ ਖੋਲ੍ਹਣ ਸੰਬੰਧੀ ਇੱਕ ਸਹਿਮਤੀ ‘ਤੇ ਪਹੁੰਚ ਕੀਤੀ ਸੀ।

Space available for Ad
Contact # +1 (209) 303-1260




APCA
AMERICAN PETROLEUM AND CONVENIENCE STORE ASSOCIATION
Presents
Golf Tournament 2026
Supporting non- Profits
Children's Miracle Network
Wednesday, April 8th, 2026
Chardonnay Golf Course
American Canyon, CA 94503
Scan the QR code to register for the upcoming trade show.
This is a popular event, sells out quickly, please RSVP ASAP
Scan to Register


PROPANE
Coca-Cola
APCA
AMERICAN PETROLEUM AND CONVENIENCE STORE ASSOCIATION
ANNUAL TRADE SHOW 2026
EXHIBITOR PACKAGE
April 9th, 2026
Sunrise Banquet Halls & Event Center
620 Orange Dr, Vacaville, CA 95687
Scan the QR code to register for the upcoming trade show.
It only takes a minute, and you're all set to join us!
Scan to Register

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.


## HOMEOPATHIC NATURAL MEDICINES

**When Tired of All Treatments,**
**For any Disease, at any Age**
**Try Alternative Treatment**

**Safe and Effective Medicines without any Side Effects**



**GURDIP S SANDHU**



**Consultant/Physician**
**Since 1973**
**DHMS-Gold Medalist,**
**BAMS, MDEH**
**Ex-Prof, Principal &**
**CMO Medical**
**Colleges/Hospitals in**
**India**

**(408) 687-1899    (925) 587-1148**

**Homeopathic Medicine and Notary Consultancy**
9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

# APCA
AMERICAN PETROLEUM AND CONVENIENCE STORE ASSOCIATION

INVITES YOU

**GOLF TOURNAMENT 2026**

## APRIL 8, 2026

CHARDONNAY GOLF CLUB
NAPA COUNTY, CA 94503

SUPPORTING NON-PROFIT

Children's Miracle Network Hospitals
Change Kids' Health. Change the Future.





## Followed by APCA's 12th Annual Trade Show

**APCA is a non-profit grassroots, membership based community organization providing representation for small to medium sized enterprises.**






**Thursday April 9, 2026**

**12:30 pm - 5:30 pm**

Sunrise Banquet Hall & Events
620 Orange Drive
Vacaville, CA 95687

To register please click link below.

Register

www.apca.us

For more information please contact: kewal@apca.us

# ਭਗਵੰਤ ਸਿੰਘ ਮਾਨ ਸਰਕਾਰ 'ਬੇਅਦਬੀ' ਦੇ ਮਾਮਲੇ 'ਤੇ ਕੋਈ ਲਿਹਾਜ਼ ਨਹੀਂ ਕਰੇਗੀ, 'ਆਪ' ਸਰਕਾਰ 13 ਅਪ੍ਰੈਲ ਨੂੰ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਵਿੱਚ ਸਖ਼ਤ ਸਜ਼ਾਵਾਂ ਲਈ ਬੇਅਦਬੀ ਵਿਰੋਧੀ ਕਾਨੂੰਨ ਵਿੱਚ ਸੋਧ ਕਰੇਗੀ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਐਲਾਨ ਕੀਤਾ ਕਿ ਪੰਜਾਬ ਸਰਕਾਰ ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ-2008 ਵਿੱਚ ਸੋਧ ਕਰਨ ਅਤੇ ਸਖ਼ਤ ਕਾਨੂੰਨ ਲਿਆਉਣ ਲਈ 13 ਅਪ੍ਰੈਲ ਨੂੰ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾਏਗੀ। ਪ੍ਰਸਤਾਵਿਤ ਕਾਨੂੰਨ ਵਿੱਚ ਸਖ਼ਤ ਸਜ਼ਾ, ਭਾਰੀ ਜੁਰਮਾਨੇ, ਜਾਇਦਾਦ ਜ਼ਬਤ ਕਰਨ ਅਤੇ ਡਿਜੀਟਲ ਸਮੱਗਰੀ ਰਾਹੀਂ ਕੀਤੇ ਗਏ ਅਪਰਾਧਾਂ ਨੂੰ ਇਸ ਦੇ ਦਾਇਰੇ ਹੇਠ ਲਿਆਉਣ ਦੀ ਵਿਵਸਥਾ ਹੋਵੇਗੀ, ਜਿਸ ਦਾ ਖਰੜਾ ਸੰਤ ਸਮਾਜ ਅਤੇ ਕਾਨੂੰਨੀ ਮਾਹਿਰਾਂ ਨਾਲ ਸਲਾਹ-ਮਸ਼ਵਰਾ ਕਰਕੇ ਤਿਆਰ ਕੀਤਾ ਜਾ ਰਿਹਾ ਹੈ। ਕੋਈ ਲਿਹਾਜ਼ ਨਾ ਵਰਤਣ ਦੇ ਸਟੈਂਡ 'ਤੇ ਜ਼ੋਰ ਦਿੰਦੇ ਹੋਏ ਸਰਕਾਰ ਨੇ ਕਿਹਾ ਕਿ 'ਬੇਅਦਬੀ' ਦੇ ਕਿਸੇ ਵੀ ਦੋਸ਼ੀ ਨੂੰ ਬਖਸ਼ਿਆ ਨਹੀਂ ਜਾਵੇਗਾ।

ਅੱਜ ਅੰਮ੍ਰਿਤਸਰ ਦੇ ਸਰਕਟ ਹਾਊਸ ਵਿਖੇ ਸੰਤ ਸਮਾਜ ਦੇ ਮੈਂਬਰਾਂ ਅਤੇ ਧਾਰਮਿਕ ਆਗੂਆਂ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਖਾਲਸੇ ਦੇ ਸਾਜਨਾ ਦਿਵਸ ਦੇ ਪਵਿੱਤਰ ਮੌਕੇ 'ਤੇ ਸੈਸ਼ਨ ਬੁਲਾਇਆ ਜਾਵੇਗਾ ਅਤੇ ਸੰਤ ਸਮਾਜ ਅਤੇ ਕਾਨੂੰਨੀ ਮਾਹਿਰਾਂ ਨਾਲ ਸਲਾਹ-ਮਸ਼ਵਰਾ ਕਰਕੇ ਐਕਟ ਬਣਾਇਆ ਜਾਵੇਗਾ। ਇਸ ਘਿਨਾਉਣੇ ਅਪਰਾਧ ਦੇ ਦੋਸ਼ੀਆਂ ਲਈ ਮਿਸਾਲੀ ਸਜ਼ਾ ਯਕੀਨੀ ਬਣਾਉਣ ਲਈ ਇਸ ਕਾਨੂੰਨ ਦਾ ਖਰੜਾ ਤਿਆਰ ਕਰਦੇ ਸਮੇਂ ਦੇਸ਼ ਭਰ ਦੇ ਉੱਘੇ ਵਕੀਲਾਂ ਤੋਂ ਵੀ ਰਾਏ ਲਈ ਜਾਵੇਗੀ।"

ਮੁੱਖ ਮੰਤਰੀ ਨੇ ਕਿਹਾ ਕਿ ਸੈਸ਼ਨ ਦੌਰਾਨ ਪੰਜਾਬ ਸਰਕਾਰ ਦੁਆਰਾ ਲਾਗੂ ਕੀਤੇ ਗਏ ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ-2008 ਵਿੱਚ ਜ਼ਰੂਰੀ ਸੋਧਾਂ ਕੀਤੀਆਂ ਜਾਣਗੀਆਂ ਤਾਂ ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਹੋਰ ਧਾਰਮਿਕ ਗ੍ਰੰਥਾਂ ਦੀ 'ਬੇਅਦਬੀ' ਨੂੰ ਰੋਕਣ ਲਈ ਮਜ਼ਬੂਤ ਅਤੇ ਵਿਆਪਕ ਕਾਨੂੰਨ ਲਿਆਂਦਾ ਜਾ ਸਕੇ।



ਸੰਤ ਸਮਾਜ, ਵੱਖ-ਵੱਖ ਸੰਪਰਦਾਵਾਂ, ਟਕਸਾਲਾਂ, ਨਿਹੰਗ ਸਿੰਘ ਸਮੂਹਾਂ, ਉਦਾਸੀ ਸੰਪਰਦਾਵਾਂ, ਨਿਰਮਲਾ ਸੰਪਰਦਾਵਾਂ, ਕਾਰ ਸੇਵਾ ਜਥਿਆਂ, ਰਾਗੀਆਂ ਅਤੇ ਕਥਾਵਾਚਕਾਂ ਨੂੰ ਸੱਦਾ ਦਿੰਦੇ ਹੋਏ ਮੁੱਖ ਮੰਤਰੀ ਨੇ ਉਨ੍ਹਾਂ ਨੂੰ ਵਿਸ਼ੇਸ਼ ਇਜਲਾਸ ਵਿੱਚ ਸ਼ਾਮਲ ਹੋਣ ਅਤੇ ਇਸ ਇਤਿਹਾਸਕ ਕਾਨੂੰਨ ਦੇ ਪਾਸ ਹੋਣ ਦਾ ਗਵਾਹ ਬਣਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ, "ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਝਰ ਜਲਦੀ ਹੀ ਸਮਾਣਾ ਦਾ ਦੌਰਾ ਕਰਨਗੇ ਤਾਂ ਜੋ ਗੁਰਜੀਤ ਸਿੰਘ ਖਾਲਸਾ ਨੂੰ ਆਪਣਾ ਵਿਰੋਧ ਪ੍ਰਦਰਸ਼ਨ ਖਤਮ ਕਰਨ ਲਈ ਮਨਾਉਣ ਅਤੇ ਉਨ੍ਹਾਂ ਨੂੰ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਵਿੱਚ ਸ਼ਾਮਲ ਹੋਣ ਲਈ ਵੀ ਸੱਦਾ ਦਿੱਤਾ ਜਾ ਸਕੇ। ਪੰਜਾਬ ਸਰਕਾਰ ਸੰਤ ਸਮਾਜ ਅਤੇ ਸ਼ਰਧਾਲੂਆਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦੀ ਹੈ ਅਤੇ ਸਖ਼ਤ ਕਾਨੂੰਨ ਲਿਆਉਣ ਲਈ ਵਚਨਬੱਧ ਹੈ ਜੋ ਕਿਸੇ ਵੀ ਸ਼ਰਾਰਤੀ ਅਨਸਰ ਨੂੰ 'ਬੇਅਦਬੀ' ਕਰਨ ਤੋਂ ਰੋਕੇਗਾ।"ਪੰਜਾਬ ਦੇ ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਕਾਨੂੰਨ ਵਿੱਚ ਸਖ਼ਤ ਸਜ਼ਾਵਾਂ, ਭਾਰੀ ਜੁਰਮਾਨੇ ਅਤੇ ਇੱਥੋਂ ਤੱਕ ਕਿ ਦੋਸ਼ੀਆਂ ਦੀ ਜਾਇਦਾਦ ਜ਼ਬਤ ਕਰਨ ਦੀ ਵਿਵਸਥਾ ਵੀ ਸ਼ਾਮਲ ਹੋਵੇਗੀ। ਨਵਾਂ ਐਕਟ ਡਿਜੀਟਲ ਸਮੱਗਰੀ ਰਾਹੀਂ ਕੀਤੀ ਜਾਣ ਵਾਲੀ 'ਬੇਅਦਬੀ' ਵਿਰੁੱਧ ਵੀ ਕਾਰਵਾਈ ਦੀ ਵਿਵਸਥਾ ਕਰੇਗਾ। ਧਾਰਮਿਕ ਗ੍ਰੰਥਾਂ ਦੀ 'ਬੇਅਦਬੀ' ਦੀਆਂ ਘਟਨਾਵਾਂ ਨੂੰ ਰੋਕਣ ਲਈ ਪੰਜਾਬ ਸਰਕਾਰ ਪੂਰੀ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੰਤ ਸਮਾਜ ਨੂੰ ਭਰੋਸਾ ਦਿੱਤਾ ਕਿ ਸਰਕਾਰ ਸਾਰਿਆਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦੀ ਹੈ ਅਤੇ 'ਬੇਅਦਬੀ' ਦੇ ਦੋਸ਼ੀ ਨੂੰ ਬਖਸ਼ਿਆ ਨਹੀਂ ਜਾਵੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਐਕਸ' ਉਤੇ ਲਿਖਿਆ, "ਅੱਜ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸਰਕਟ ਹਾਊਸ ਵਿੱਚ ਸੰਤ ਸਮਾਜ ਨਾਲ ਮਹੱਤਵਪੂਰਨ ਮੀਟਿੰਗ ਹੋਈ, ਜਿੱਥੇ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਨੂੰ ਰੋਕਣ ਲਈ 'ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ-2008' ਵਿੱਚ ਸੋਧ ਕਰਨ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਸਬੰਧ ਵਿੱਚ 13 ਅਪ੍ਰੈਲ, 2026 ਨੂੰ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾਇਆ ਜਾਵੇਗਾ। ਅਸੀਂ ਪਵਿੱਤਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸ਼ਬਦ ਗੁਰੂ ਮੰਨਦੇ ਹਾਂ, ਜਿਨ੍ਹਾਂ ਤੋਂ ਸਾਨੂੰ ਸੱਚ, ਸੇਵਾ ਤੇ ਮਨੁੱਖਤਾ ਦੀਆਂ ਸਿੱਖਿਆਵਾਂ ਮਿਲਦੀਆਂ ਹਨ। ਜੇਕਰ ਕੋਈ ਬੇਅਦਬੀ ਰਾਹੀਂ ਸਾਡੇ ਵਿਸ਼ਵਾਸ ਨੂੰ ਠੇਸ ਪਹੁੰਚਾਉਣ ਦੀ ਕੋਸ਼ਿਸ਼ ਕਰਦਾ ਹੈ, ਤਾਂ ਉਸ ਨੂੰ ਕਦੇ ਵੀ ਮੁਆਫ਼ ਨਹੀਂ ਕੀਤਾ ਜਾਵੇਗਾ। ਦੋਸ਼ੀਆਂ ਨੂੰ ਸਖ਼ਤ ਤੇ ਮਿਸਾਲੀ ਸਜ਼ਾ ਦਿੱਤੀ ਜਾਵੇਗੀ ਅਤੇ ਪੰਜਾਬ ਦੀ ਆਸਥਾ ਅਤੇ ਸਨਮਾਨ ਦੀ ਰਾਖੀ ਲਈ ਸਖ਼ਤ ਕਾਨੂੰਨ ਬਣਾਏ ਜਾਣਗੇ।"ਇਸ ਤੋਂ ਪਹਿਲਾਂ ਸੰਤ ਸਮਾਜ ਅਤੇ ਵੱਖ-ਵੱਖ ਧਾਰਮਿਕ ਸਮੂਹਾਂ ਦੇ ਮੈਂਬਰਾਂ ਨੇ ਮੰਗ ਕੀਤੀ ਕਿ ਦੋਸ਼ੀਆਂ ਨੂੰ ਸਖ਼ਤ ਸਜ਼ਾ ਯਕੀਨੀ ਬਣਾਉਣ ਲਈ ਲੰਬਿਤ ਮਾਮਲਿਆਂ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਜਾਵੇ। ਉਨ੍ਹਾਂ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੀ ਯਾਦ ਵਿੱਚ ਸਮਾਗਮ ਕਰਵਾਉਣ ਲਈ 'ਆਪ' ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਧੰਨਵਾਦ ਵੀ ਕੀਤਾ। ਉਨ੍ਹਾਂ ਨੇ ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਆਨੰਦਪੁਰ ਸਾਹਿਬ ਅਤੇ ਤਲਵੰਡੀ ਸਾਬੋ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦੇ ਸਰਕਾਰ ਦੇ ਫੈਸਲੇ ਦੀ ਸ਼ਲਾਘਾ ਕੀਤੀ। ਮੀਟਿੰਗ ਸਮੂਹਿਕ ਅਰਦਾਸ ਨਾਲ ਸਮਾਪਤ ਹੋਈ।

# ਗੈਂਗਸਟਰਾਂ 'ਤੇ ਵਾਰ ਦਾ 61ਵਾਂ ਦਿਨ: ਪੰਜਾਬ ਪੁਲਿਸ ਵੱਲੋਂ 529 ਥਾਵਾਂ 'ਤੇ ਛਾਪੇਮਾਰੀ: 212 ਗ੍ਰਿਫ਼ਤਾਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ 'ਗੈਂਗਸਟਰਾਂ ਤੇ ਵਾਰ' ਮੁਹਿੰਮ ਦੇ 61ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 529 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ।

ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ"- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

61ਵੇਂ ਦਿਨ, ਪੁਲਿਸ ਟੀਮਾਂ ਨੇ 212 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 4 ਹਥਿਆਰ ਬਰਾਮਦ ਕੀਤੇ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 16,311 ਹੋ ਗਈ ਹੈ।

ਇਸ ਤੋਂ ਇਲਾਵਾ 68 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 96 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ।

ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 16 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ।ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ /ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ।ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 386ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 105 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ 26.6 ਕਿਲੋਗ੍ਰਾਮ ਹੈਰੋਇਨ, 35 ਕਿਲੋਗ੍ਰਾਮ ਭੁੱਕੀ, 575 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 13,513 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ।

ਇਸ ਦੇ ਨਾਲ ਸਿਰਫ 386 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 55,001 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 26 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਪੰਜਾਬ ਪੁਲਿਸ ਨੇ ਬੀਐਸਐਫ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਸਰਹੱਦ ਪਾਰੋਂ ਚੱਲ ਰਹੇ ਤਸਕਰੀ ਮਾਡਿਊਲ ਦਾ ਕੀਤਾ ਪਰਦਾਫਾਸ਼

## 24.5 ਕਿਲੋ ਹੈਰੋਇਨ, 21 ਲੱਖ ਰੁਪਏ ਦੀ ਡਰੱਗ ਮਨੀ ਅਤੇ ਮਲਟੀ-ਕਾਪਰ ਡਰੋਨ ਸਮੇਤ ਤਿੰਨ ਕਾਬੂ

ਅੰਮ੍ਰਿਤਸਰ
ਧੈਰਿਆ ਮਹਿਰਾ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ ਪੰਜਾਬ ਪੁਲਿਸ ਦੀ ਐਂਟੀ ਨਾਰਕੋਟਿਕਸ ਟਾਸਕ ਫੋਰਸ (ਏ.ਐਨ.ਟੀ.ਐਫ.) ਨੇ ਸੀਮਾ ਸੁਰੱਖਿਆ ਬਲ (ਬੀ.ਐਸ.ਐਫ.) ਨਾਲ ਸਾਂਝੇ ਆਪ੍ਰੇਸ਼ਨ ਤਹਿਤ ਪਾਕਿਸਤਾਨ- ਸਮਰਥਿਤ ਸਰਹੱਦ ਪਾਰੋਂ ਚੱਲ ਰਹੇ ਤਸਕਰੀ ਮਾਡਿਊਲ ਦੇ ਤਿੰਨ ਮਾਸਟਰਮਾਈਂਡਾਂ ਨੂੰ 24.5 ਕਿਲੋ ਹੈਰੋਇਨ ਅਤੇ 21 ਲੱਖ ਰੁਪਏ ਦੀ ਡਰੱਗ ਮਨੀ ਨਾਲ ਗ੍ਰਿਫਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ।

ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਸਾਂਝੀ ਕੀਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਪਿੰਡ ਨੂਰਵਾਲ ਦੇ ਰਹਿਣ ਵਾਲੇ ਜਗਜੀਤ ਸਿੰਘ ਉਰਫ਼ ਰਾਣਾ, ਅੰਮ੍ਰਿਤਸਰ ਦੇ ਪਿੰਡ ਔਲਖ ਖੁਰਦ ਦੇ ਰਹਿਣ ਵਾਲੇ ਮਨਪ੍ਰੀਤ ਸਿੰਘ ਉਰਫ਼ ਪ੍ਰੀਤ ਅਤੇ ਅੰਮ੍ਰਿਤਸਰ ਦੇ ਪਿੰਡ ਧੂਪਸੜੀ ਦੇ ਰਹਿਣ ਵਾਲੇ ਰੌਸ਼ਨ ਸਿੰਘ ਵਜੋਂ ਹੋਈ ਹੈ।ਉਨ੍ਹਾਂ ਦੱਸਿਆ ਕਿ ਹੈਰੋਇਨ ਅਤੇ ਡਰੱਗ ਮਨੀ ਬਰਾਮਦ ਕਰਨ ਤੋਂ ਇਲਾਵਾ ਬੀ.ਐਸ.ਐਫ. ਅਤੇ ਪੁਲਿਸ ਟੀਮਾਂ ਨੇ ਮਲਟੀ-ਕਾਪਟਰ ਡਰੋਨ ਵੀ ਜ਼ਬਤ ਕੀਤਾ ਹੈ, ਜਿਸਦੀ ਵਰਤੋਂ ਪਾਕਿਸਤਾਨ ਅਧਾਰਤ ਤਸਕਰਾਂ ਵੱਲੋਂ ਸਰਹੱਦ ਪਾਰੋਂ ਖੇਪ ਪਹੁੰਚਾਉਣ ਲਈ ਕੀਤੀ ਜਾਂਦੀ ਸੀ ਅਤੇ ਇੱਕ ਐਸ.ਯੂ.ਵੀ. ਮਹਿੰਦਰਾ ਥਾਰ ਸਮੇਤ ਦੋ ਕਾਰਾਂ, ਜੋ ਨਸ਼ੀਲੇ ਪਦਾਰਥਾਂ ਦੀ ਸਪਲਾਈ ਕਰਨ ਲਈ ਵਰਤੀਆਂ ਜਾਂਦੀਆਂ ਸਨ, ਵੀ ਜ਼ਬਤ ਕੀਤੀਆਂ ਗਈਆਂ ਹਨ।ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਪਾਕਿਸਤਾਨ ਸਥਿਤ ਹੈਂਡਲਰਾਂ ਨਾਲ ਸਿੱਧੇ ਸਬੰਧ ਸਨ।

